Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to$90,000 in government bonds & grants.
Contact : 647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6



# ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post



JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit punjabipost.ca/epaper | Vol 20*Issue 118 | Wednesday, June 16, 2021 | Tel: 905-793-2202 | Fax: 905-793-2282 | news@punjabipost.ca

ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ


# ਵਿਦੇਸ਼ ਦੌਰੇ ਤੋਂ ਪਰਤੇ ਟਰੂਡੋ ਤੇ ਉਨ੍ਹਾਂ ਦਾ ਵਫਦ ਹੋਟਲ ਵਿਚ ਹੋਏ ਕੁਆਰਨਟੀਨ

ਓਟਵਾ, 15 ਜੂਨ (ਪੋਸਟ ਬਿਊਰੋ) : ਯੂਨਾਈਟਿਡ ਕਿੰਗਡਮ ਤੇ ਬੈਲਜੀਅਮ ਦਾ ਦੌਰਾ ਕਰਨ ਤੋਂ ਬਾਅਦ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਕੈਨੇਡਾ ਪਰਤ ਆਏ ਹਨ।

ਵਿਦੇਸ਼ ਦਾ ਦੌਰਾ ਕਰਨ ਤੋਂ ਬਾਅਦ ਦੇਸ਼ ਪਰਤੇ ਟਰੂਡੋ ਤੇ ਉਨ੍ਹਾਂ ਨਾਲ ਗਿਆ ਵਫਦ ਓਟਵਾ ਏਅਰਪੋਰਟ ਦੇ ਨੇੜੇ ਇੱਕ ਥਰੀ ਸਟਾਰ ਹੋਟਲ ਵਿੱਚ 14 ਦਿਨ ਲਈ ਕੁਆਰਨਟੀਨ ਕਰੇਗਾ। ਇੱਥੇ



ਦੱਸਣਾ ਬਣਦਾ ਹੈ ਕਿ ਇਸ ਸਾਲ ਦੇ ਸ਼ੁਰੂ ਵਿੱਚ ਕੈਨੇਡਾ ਨੇ ਇਹ ਨਿਯਮ ਲਾਗੂ ਕੀਤਾ ਸੀ ਕਿ ਹਵਾਈ ਰਸਤੇ ਰਾਹੀਂ ਦੇਸ਼ ਪਰਤਣ ਵਾਲੇ ਹਰ ਸ਼ਖਸ ਨੂੰ ਸਰਕਾਰ ਵੱਲੋਂ ਨਿਰਧਾਰਤ ਹੋਟਲ ਵਿੱਚ ਤਿੰਨ ਦਿਨ ਲਈ ਰਹਿਣਾ ਹੋਵੇਗਾ ਤੇ ਫਿਰ ਘਰ ਜਾ ਕੇ ਆਪਣੇ ਕੁਆਰਨਟੀਨ ਦਾ ਸਮਾਂ ਪੂਰਾ ਕਰਨਾ ਹੋਵੇਗਾ।

ਟਰੂਡੋ ਦੇ ਆਫਿਸ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਤੇ ਉਨ੍ਹਾਂ ਦੇ ਨਾਲ ਗਿਆ ਸਰਕਾਰੀ ਵਫਦ ਵੀ ਟਰੈਵਲ ਸਬੰਧੀ ਇਸੇ ਨਿਯਮ ਦਾ ਪਾਲਣ ਕਰੇਗਾ। ਵਿਰੋਧੀ ਪਾਰਟੀ ਕੰਜ਼ਰਵੇਟਿਵਾਂ ਵੱਲੋਂ ਇਸ ਗੱਲ ਉੱਤੇ ਇਤਰਾਜ਼ ਪ੍ਰਗਟਾਇਆ ਗਿਆ ਕਿ ਪ੍ਰਧਾਨ ਮੰਤਰੀ ਤੇ ਉਨ੍ਹਾਂ ਦਾ ਵਫਦ ਉਨ੍ਹਾਂ ਹੋਟਲਾਂ ਵਿੱਚੋਂ ਇੱਕ ਵਿੱਚ ਨਹੀਂ ਠਹਿਰ ਰਹੇ ਜਿਨ੍ਹਾਂ ਵਿੱਚ ਬਾਕੀ ਕੈਨੇਡੀਅਨਜ਼ ਜਾਂ ਹੋਰ ਟਰੈਵਲਰਜ਼ ਨੂੰ ਠਹਿਰਾਇਆ ਜਾਂਦਾ ਹੈ।

# ਨੌਟਵਿਦਸਟੈਂਡਿੰਗ ਕਲਾਜ਼ ਦੀ ਮੱਦਦ ਨਾਲ ਓਨਟਾਰੀਓ ਨੇ ਪਾਸ ਕੀਤਾ ਚੋਣਾਂ ਵਿੱਚ ਖਰਚਿਆਂ ਸਬੰਧੀ ਬਿੱਲ

ਟੋਰਾਂਟੋ, 15 ਜੂਨ (ਪੋਸਟ ਬਿਊਰੋ) : ਓਨਟਾਰੀਓ ਪ੍ਰੋਗਰੈਸਿਵ ਕੰਜ਼ਰਵੇਟਿਵਾਂ ਨੇ ਸੋਮਵਾਰ ਨੂੰ ਨੌਟਵਿਦਸਟੈਂਡਿੰਗ ਕਲਾਜ਼ ਦੀ ਵਰਤੋਂ ਕਰਦਿਆਂ ਹੋਇਆਂ ਤੀਜੀ ਪਾਰਟੀ ਵੱਲੋਂ ਇਸ਼ਤਿਹਾਰਾਂ ਉੱਤੇ ਕੀਤੇ ਜਾਣ ਵਾਲੇ ਖਰਚੇ ਨੂੰ ਸੀਮਤ ਕਰਨ ਲਈ ਬਿੱਲ ਪਾਸ ਕਰ ਦਿੱਤਾ। ਇਸ ਦੌਰਾਨ ਵਿਰੋਧੀ ਧਿਰ ਨੇ "ਸ਼ਰਮ ਕਰੋ" ਦੇ ਨਾਅਰੇ ਵੀ ਲਾਏ। ਸਰਕਾਰ ਨੇ ਬਿੱਲ 307 ਪਾਸ ਕਰਨ ਲਈ ਨੌਟਵਿਦਸਟੈਂਡਿੰਗ ਕਲਾਜ਼ ਦੀ ਵਰਤੋਂ ਕੀਤੀ, ਜਿਸ ਨਾਲ ਉਸ ਇਲੈਕਸ਼ਨ ਫਾਇਨਾਂਸਿਜ਼ ਐਕਟ ਵਿੱਚ ਸੋਧ ਨੂੰ ਮੁੜ ਪੇਸ਼ ਕੀਤਾ ਗਿਆ ਜਿਸ ਨੂੰ ਪਿਛਲੇ ਹਫਤੇ ਇੱਕ ਜੱਜ ਨੇ ਗੈਰਸੰਵਿਧਾਨਕ ਕਰਾਰ ਦਿੱਤਾ ਸੀ। ਇਸ ਕਲਾਜ਼ ਤਹਿਤ ਵਿਧਾਨਸਭਾ ਪੰਜ



ਸਾਲਾਂ ਦੇ ਅਰਸੇ ਲਈ ਚਾਰਟਰ ਦੇ ਕਿਸੇ ਹਿੱਸੇ ਨੂੰ ਰੱਦ ਕਰ ਸਕਦੀ ਹੈ। ਵਿਰੋਧੀ ਪਾਰਟੀਆਂ ਨੇ ਆਖਿਆ ਕਿ ਅਜਿਹਾ ਕਰਕੇ ਫੋਰਡ ਸਰਕਾਰ ਅਗਲੇ ਸਾਲ ਹੋਣ ਵਾਲੀਆਂ ਪ੍ਰੋਵਿੰਸ਼ੀਅਲ ਚੋਣਾਂ ਤੋਂ ਪਹਿਲਾਂ ਹੀ ਆਲੋਚਕਾਂ ਦੇ ਮੂੰਹ ਬੰਦ ਕਰਨਾ ਚਾਹੁੰਦੀ ਹੈ।

ਐਨਡੀਪੀ ਆਗੂ ਐਂਡਰੀਆ ਹੌਰਵਥ ਨੇ ਆਖਿਆ ਕਿ ਇਹ ਅਜਿਹੇ ਵਿਅਕਤੀ ਦੀ ਚਾਲ ਹੈ ਜਿਹੜਾ ਸੱਤਾ ਦਾ ਸੁਖ ਤਿਆਗਣਾ ਨਹੀਂ ਚਾਹੁੰਦਾ। ਐਨਡੀਪੀ ਵੱਲੋਂ ਸਾਰਾ ਦਿਨ ਮਹਾਂਮਾਰੀ ਨਾਲ ਸਬੰਧਤ ਕਈ ਮਤੇ ਲਿਆਂਦੇ ਗਏ ਤੇ ਇਹ ਵੀ ਆਖਿਆ ਗਿਆ ਕਿ ਇਸ ਤਰ੍ਹਾਂ ਦੇ ਖਾਹਮਖਾਹ ਦੇ ਮਤਿਆਂ ਨਾਲੋਂ ਸਰਕਾਰ ਦਾ ਧਿਆਨ ਮਹਾਂਮਾਰੀ ਨਾਲ ਜੁੜੇ ਮਤਿਆਂ ਵੱਲ ਹੋਣਾ ਚਾਹੀਦਾ ਹੈ। ਕੁਈਨਜ਼ ਪਾਰਕ ਵਿੱਚ ਆਪਣਾ ਪੱਖ ਰੱਖਦਿਆਂ ਫੋਰਡ ਨੇ ਆਖਿਆ ਕਿ ਅਸੀਂ ਜਮਹੂਰੀਅਤ ਲਈ ਲੜ ਰਹੇ ਹਾਂ। ਉਨ੍ਹਾਂ ਆਖਿਆ ਕਿ ਲੋਕਾਂ ਦੀ ਹਿਫਾਜ਼ਤ ਲਈ ਉਹ ਸਾਰਾ ਦਿਨ ਤੇ ਸਾਰੀ ਰਾਤ ਕੰਮ ਕਰ ਸਕਦੇ ਹਨ।


Best Insurance Rates
*Life *Auto *Home *Business
ਕਾਰ ਅਤੇ ਘਰ ਦੀ ਇੰਸ਼ੋਰੈਂਸ ਲਈ ਘੱਟ ਰੇਟ
Discounts upto 35% on Auto & Home
Dir: 647-400-2949
Amanpreet S. Batth R.I.B.O
Aaxel Insurance Brokers Ltd.
1550 South Gateway Rd. Suite 220 Mississauga, ON L4W 5G6


# ਸਤੰਬਰ ਤੱਕ ਪੂਰੀ ਤਰ੍ਹਾਂ ਵੈਕਸੀਨੇਟ ਹੋ ਜਾਣਗੇ ਕੈਨੇਡੀਅਨ : ਹੈਲਥ ਕੈਨੇਡਾ

ਓਟਵਾ, 15 ਜੂਨ (ਪੋਸਟ ਬਿਊਰੋ) : ਕਈ ਮਹੀਨਿਆਂ ਤੱਕ ਵੈਕਸੀਨ ਸਪਲਾਈ ਵਿੱਚ ਕਮੀ ਰਹਿਣ ਤੋਂ ਬਾਅਦ ਹੁਣ ਹੈਲਥ ਕੈਨੇਡਾ ਦਾ ਕਹਿਣਾ ਹੈ ਕਿ ਦੇਸ਼ ਵਿੱਚ ਹਰ ਹਫਤੇ ਕੋਵਿਡ-19 ਵੈਕਸੀਨ ਦੀਆਂ ਕਈ ਮਿਲੀਅਨ ਡੋਜ਼ਾਂ ਆ ਰਹੀਆਂ ਹਨ। ਇਹ ਡੋਜ਼ਾਂ ਉਨ੍ਹਾਂ ਸਾਰੇ ਕੈਨੇਡੀਅਨਾਂ ਦੇ ਟੀਕਾਕਰਣ ਲਈ ਕਾਫੀ ਹਨ ਜਿਹੜੇ ਟੀਕਾ ਲਵਾਉਣਾ ਚਾਹੁੰਦੇ ਹਨ ਤੇ ਸਤੰਬਰ ਦੇ ਅੰਤ ਤੱਕ ਪੂਰੀ ਤਰ੍ਹਾਂ ਵੈਕਸੀਨੇਟ ਹੋਣਾ ਚਾਹੁੰਦੇ ਹਨ।

ਮੰਗਲਵਾਰ ਨੂੰ ਜਾਰੀ ਕੀਤੀ ਗਈ ਅਪਡੇਟ ਵਿੱਚ ਕੈਨੇਡਾ ਦੀ




ਚੀਫ ਪਬਲਿਕ ਹੈਲਥ ਆਫੀਸਰ ਡਾ. ਥੈਰੇਸਾ ਟੈਮ ਤੇ ਡਿਪਟੀ ਚੀਫ ਪਬਲਿਕ ਹੈਲਥ ਆਫੀਸਰ ਡਾ. ਹੌਵਰਡ ਨੁ ਨੇ ਆਖਿਆ ਕਿ ਇੱਕਲੇ ਜੂਨ ਵਿੱਚ ਹੀ ਕੈਨੇਡਾ ਨੂੰ 20 ਮਿਲੀਅਨ ਵਾਧੂ ਡੋਜ਼ਾਂ ਮਿਲਣਗੀਆਂ। ਇਸ ਹਫਤੇ ਪੰਜ ਮਿਲੀਅਨ ਡੋਜ਼ਾਂ ਪ੍ਰੋਵਿੰਸਾਂ ਤੇ ਟੈਰੇਟਰੀਜ਼ ਲਈ ਭੇਜ ਦਿੱਤੀਆਂ ਗਈਆਂ ਹਨ ਅਤੇ ਮੰਗਲਵਾਰ ਨੂੰ ਦੇਸ਼ ਭਰ ਵਿੱਚ 30 ਮਿਲੀਅਨ ਡੋਜ਼ਾਂ ਲਾਈਆਂ ਜਾਣਗੀਆਂ।

ਡਾ. ਟੈਮ ਨੇ ਆਖਿਆ ਕਿ ਕੈਨੇਡਾ ਦੇ ਵੈਕਸੀਨ ਵੰਡ ਸਬੰਧੀ ਪ੍ਰੋਗਰਾਮ ਨੂੰ ਬੂਰ ਪੈ ਰਿਹਾ ਹੈ, ਹੁਣ ਵੈਕਸੀਨ ਦੀ ਵੱਧ ਤੋਂ ਵੱਧ ਕਵਰੇਜ ਦੇ ਸਕਾਰਾਤਮਕ ਨਤੀਜੇ ਵੀ ਸਾਹਮਣੇ ਆਉਣ ਲੱਗੇ ਹਨ। ਲੋਕ ਘੱਟ ਬਿਮਾਰ ਹੋ ਰਹੇ ਹਨ ਤੇ ਕਮਜ਼ੋਰ ਲੋਕਾਂ ਵਿੱਚ ਵੀ ਮੌਤ ਦੇ ਅੰਕੜੇ ਘਟੇ ਹਨ।

# ਆਪਣੀ ਆਗੂ ਪਾਲ ਖਿਲਾਫ ਬੇਭਰੋਸਗੀ ਮਤਾ ਲਿਆ ਸਕਦੀ ਹੈ ਗ੍ਰੀਨ ਪਾਰਟੀ

## ਅਨੇਮੀ ਪਾਲ ਵੱਲੋਂ ਅਸਤੀਫਾ ਦੇਣ ਤੋਂ ਇਨਕਾਰ



ਓਟਵਾ, 15 ਜੂਨ (ਪੋਸਟ ਬਿਊਰੋ) : ਗ੍ਰੀਨ ਪਾਰਟੀ ਆਗੂ ਅਨੇਮੀ ਪਾਲ ਨੂੰ ਪਾਰਟੀ ਮੈਂਬਰਾਂ ਕੋਲੋਂ ਹੀ ਬੇਭਰੋਸਗੀ ਮਤੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਾਰਟੀ ਦੇ ਅੰਦਰ ਪੈਦਾ ਹੋਈ ਇਸ ਤਰ੍ਹਾਂ ਦੀ ਬੇਭਰੋਸਗੀ ਪਾਲ ਨੂੰ ਉਸ ਦੇ ਅਹੁਦੇ ਤੋਂ ਹਟਾ ਸਕਦੀ ਹੈ। ਦੂਜੇ ਪਾਸੇ ਪਾਲ ਨੇ ਆਪਣੇ ਅਹੁਦੇ ਤੋਂ ਅਸਤੀਫਾ ਦੇਣ ਤੋਂ ਇਨਕਾਰ ਕਰ ਦਿੱਤਾ ਹੈ।

ਪਾਰਟੀ ਦੇ ਅੰਦਰੂਨੀ ਵਿਵਾਦ ਕਾਰਨ ਕੁੱਝ ਮੈਂਬਰਾਂ ਵੱਲੋਂ ਉਸ ਦੀ ਲੀਡਰਸ਼ਿਪ ਉੱਤੇ ਸਵਾਲ ਉਠਾਏ ਜਾ ਰਹੇ ਸਨ। ਕਿਊਬਿਕ ਦੀ ਗ੍ਰੀਨ ਪਾਰਟੀ ਦੇ ਆਗੂ ਐਲੈਕਸ ਟਾਇਰੈਲ ਨੇ ਦੱਸਿਆ ਕਿ ਫੈਡਰਲ ਪਾਰਟੀ ਦੀ ਗਵਰਨਿੰਗ ਬੌਡੀ ਵੱਲੋਂ ਮੰਗਲਵਾਰ ਰਾਤ ਨੂੰ ਅਜਿਹੀ ਪ੍ਰਕਿਰਿਆ ਸ਼ੁਰੂ ਕੀਤੀ ਗਈ


..ਬਾਕੀ ਪੰਨਾ 3 'ਤੇ



NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com



INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1


# ਫਰੈਂਚ ਭਾਸ਼ਾ ਦੀ ਹਿਫਾਜ਼ਤ ਲਈ ਲਿਬਰਲਾਂ ਨੇ ਪੇਸ਼ ਕੀਤਾ ਬਿੱਲ



ਓਟਵਾ, 15 ਜੂਨ (ਪੋਸਟ ਬਿਊਰੋ) : ਲਿਬਰਲਾਂ ਵੱਲੋਂ ਕੈਨੇਡਾ ਵਿੱਚ ਫਰੈਂਚ ਦੀ ਹਿਫਾਜ਼ਤ ਕਰਨ ਤੇ ਇਸ ਦੀ ਸਥਿਤੀ ਹੋਰ ਮਜ਼ਬੂਤ ਕਰਨ ਲਈ ਬਿੱਲ ਪੇਸ਼ ਕੀਤਾ ਜਾ ਰਿਹਾ ਹੈ। ਤਿੰਨ ਦਹਾਕਿਆਂ ਤੋਂ ਵੀ ਵੱਧ ਸਮੇਂ ਵਿੱਚ ਆਫੀਸ਼ੀਅਲ ਲੈਂਗੁਏਜ ਐਕਟ ਨੂੰ ਓਵਰਹਾਲ ਕਰਨ ਲਈ ਇਹ ਮਾਰਿਆ ਜਾ ਰਿਹਾ ਸੱਭ ਤੋਂ ਵੱਡਾ ਹੰਭਲਾ ਹੈ।

ਆਫੀਸ਼ੀਅਲ ਲੈਂਗੁਏਜਿਜ਼ ਮੰਤਰੀ ਮਿਲੇਨੀ ਜੋਲੀ ਨੇ ਅੱਜ ਸਵੇਰੇ ਹਾਊਸ ਆਫ ਕਾਮਨਜ਼ ਵਿੱਚ ਇਹ ਬਿੱਲ ਪੇਸ਼ ਕੀਤਾ। ਇਸ ਬਿੱਲ ਵਿੱਚ ਫੈਡਰਲ ਕੰਮ ਵਾਲੀਆਂ ਥਾਂਵਾਂ, ਇਮੀਗ੍ਰੇਸ਼ਨ ਤੇ ਇੱਥੋਂ ਤੱਕ ਕਿ ਸੁਪਰੀਮ ਕੋਰਟ ਜੱਜ ਦੀ ਚੋਣ ਕਰਨ ਵਰਗੇ ਸੁਧਾਰਾਂ ਦਾ ਪ੍ਰਸਤਾਵ ਪੇਸ਼ ਕੀਤਾ ਗਿਆ ਹੈ। ਇਸ ਬਿੱਲ ਨੂੰ ਸੀ-32 ਦਾ ਨਾਂ ਦਿੱਤਾ ਗਿਆ ਹੈ। ਇਸ ਨਾਲ ਆਫੀਸ਼ੀਅਲ ਲੈਂਗੁਏਜ ਕਮਿਸ਼ਨਰ ਨੂੰ ਹੋਰ ਸ਼ਕਤੀਆਂ ਮਿਲ ਜਾਣਗੀਆਂ ਤੇ ਉਹ ਫੈਡਰਲ ਤੌਰ ਉੱਤੇ ਨਿਯੰਤਰਣ ਵਾਲੀਆਂ ਕੰਮ ਵਾਲੀਆਂ ਥਾਂਵਾਂ ਉੱਤੇ ਫਰੈਂਚ ਭਾਸ਼ਾ ਦੀ ਜਾਣਕਾਰੀ ਰੱਖਣ ਵਾਲੇ ਲੋਕਾਂ ਨੂੰ ਤਰਜੀਹ ਦੇਣ ਲਈ ਕੰਪਨੀਆਂ ਉੱਤੇ ਦਬਾਅ ਪਾਉਣਗੇ।

ਜੋਲੀ ਨੇ ਆਖਿਆ ਕਿ ਇਹ ਬਿੱਲ ਕੁੱਝ ਅਜਿਹੇ ਘਟਨਾਕ੍ਰਮ ਦਾ ਨਤੀਜਾ ਹੈ ਜਿਹੜੇ ਅਜੇ ਸਾਹਮਣੇ ਨਹੀਂ ਆਏ। ਇਸ ਬਿੱਲ ਨੂੰ ਪਹਿਲੀ ਵਾਰੀ 1969 ਵਿੱਚ ਤਤਕਾਲੀ ਪ੍ਰਧਾਨ ਮੰਤਰੀ ਪਿਏਰੇ ਟਰੂਡੋ ਵੇਲੇ ਪਾਸ ਕੀਤਾ ਗਿਆ ਸੀ।


AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat Broker
Aaxel InsuranceBrokers Ltd. | 1332 Khalsa Dr, Unit # 11, Mississauga, ON L5S 0A2

ਵਰਕਰਾਂ ਦੀ ਲੋੜ
ਘਾਹ ਕੱਟਣ ਲਈ ਅਤੇ ਕੰਸਟ੍ਰਕਸ਼ਨ ਦੇ ਫੁੱਲ ਟਾਈਮ ਕੰਮ ਲਈ ਜਨਰਲ ਲੇਬਰ ਦੀ ਲੋੜ ਹੈ। ਕੰਮ ਉਤੇ ਲੈ ਕੇ ਆਉਣ ਅਤੇ ਲਿਜਾਣ ਦੀ ਸੁਵਿਧਾ। ਬਿਨੈਕਾਰ ਸਰੀਰਕ ਤੌਰ ਉਤੇ ਫਿਟ ਅਤੇ 50 ਐਲ.ਬੀ.ਐਸ. ਵਜ਼ਨ ਚੁੱਕਣ ਦੇ ਯੋਗ ਹੋਣਾ ਚਾਹੀਦਾ ਹੈ।
ਸੰਪਰਕ ਅਮਿਤ: 647-784-1213

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL (Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Brokerage Lic. 12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licenced Exterminator

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor


NOW
HIRING
U.S. CROSS BORDER
SINGLES & TEAMS
AND CANADIAN TEAMS
US Singles $0.64/mile
US Teams $0.66/mile
Canadian teams $0.62/mile
LIGHT SPEED
Logistics Inc.
1083
LIGHT SPEED
Logistics Inc.
OUR FAMILY WELCOMES YOU
U.S. Singles – Dedicated Truck
Desirable Lanes to the U.S.
U.S. Teams – New Dedicated Truck
Canadian Teams – New Dedicated Truck
Comprehensive Company Benefits
Flexible Work Schedule
LIGHT SPEED HAS YOU COVERED
Steve Hunt O 905.696.0700 x7224 C 905.229.9011 E shunt@lslinc.com
6015 Kestrel Road, Mississauga, ONTARIO L5T 1S8
www.lslinc.com


NATION-WIDE TALK,
TEXT & DATA PLAN
10GB
$50/mo.
chatr
AUTHORIZED DEALER
379 Main St. North, Brampton | 905-451-0379
2456 Lake shore Blvd West, Etobicoke | 416-259-3654
Offer subject to change without notice. Get 10GB at 3G speed. Once you reach your 3G speed data allotment, your data speed will be reduced until your next anniversary date. Taxes extra. ™ Trademarks used under license ©2021

# ਆਪਣੀ ਆਗੂ ਪਾਲ ਖਿਲਾਫ ਬੇਭਰੋਸਗੀ ਮਤਾ ਲਿਆ ਸਕਦੀ ਹੈ ਗ੍ਰੀਨ ਪਾਰਟੀ

...ਪੰਨਾ 1 ਦਾ ਬਾਕੀ

ਜਿਹੜੀ ਪਾਲ ਨੂੰ ਗੱਦੀਓਂ ਉਤਾਰਨ ਉੱਤੇ ਕੇਂਦਰਿਤ ਹੈ। ਜੇ ਅਜਿਹਾ ਹੁੰਦਾ ਹੈ ਤਾਂ ਪਾਲ ਲੀਡਰਸ਼ਿਪ ਜਿੱਤਣ ਤੋਂ ਬਾਅਦ ਇੱਕ ਸਾਲ ਤੋਂ ਵੀ ਘੱਟ ਅਰਸੇ ਲਈ ਇਸ ਅਹੁਦੇ ਉੱਤੇ ਰਹਿਣ ਵਾਲੀ ਗ੍ਰੀਨ ਪਾਰਟੀ ਆਗੂ ਬਣ ਜਾਵੇਗੀ।

ਪਾਰਟੀ ਚਲਾਉਣ ਦੇ ਪਾਲ ਦੇ ਤਰੀਕੇ ਤੇ ਇਜ਼ਰਾਈਲ-ਫਲਸਤੀਨ ਸੰਘਰਸ਼ ਬਾਰੇ ਉਸ ਦੀ ਰਾਇ ਕਾਰਨ ਕਈ ਮਹੀਨਿਆਂ ਤੋਂ ਪਾਰਟੀ ਦੇ ਅੰਦਰ ਵਿਵਾਦ ਚੱਲ ਰਿਹਾ ਹੈ। ਇੱਥੇ ਦੱਸਣਾ ਬਣਦਾ ਹੈ ਕਿ ਇਹ ਸੱਭ ਉਸ ਸਮੇਂ ਹੋ ਰਿਹਾ ਹੈ ਜਦੋਂ ਤਿੰਨ ਗ੍ਰੀਨ ਐਮਪੀਜ਼ ਵਿੱਚੋਂ ਇੱਕ ਜੈਨਿਕਾ ਐਟਵਿਨ ਪਾਰਟੀ ਛੱਡ ਕੇ ਲਿਬਰਲ ਪਾਰਟੀ ਵਿੱਚ ਸ਼ਾਮਲ ਹੋ ਗਈ। ਇਸ ਮਾਮਲੇ ਨੂੰ ਹਫਤੇ ਤੋਂ ਵੀ ਘੱਟ ਸਮਾਂ ਹੋਇਆ ਹੈ। ਮੰਗਲਵਾਰ ਨੂੰ ਪਾਲ ਨੇ ਆਖਿਆ ਕਿ ਐਟਵਿਨ ਵੱਲੋਂ ਦਲ ਬਦਲਣ ਲਈ ਦਿੱਤਾ ਗਿਆ ਕਾਰਨ ਮਨਘੜਤ ਸੀ ਤੇ ਉਨ੍ਹਾਂ ਇਹ ਵੀ ਆਖਿਆ ਕਿ ਐਟਵਿਨ ਨੇ ਇਹ ਵੀ ਸਪਸ਼ਟ ਕੀਤਾ ਸੀ ਕਿ ਉਹ ਗ੍ਰੀਨ ਪਾਰਟੀ ਦੀ ਆਗੂ ਕਾਰਨ ਪਾਰਟੀ ਨਹੀਂ ਛੱਡ ਰਹੀ।

ਟਾਇਰੈਲ ਨੇ ਆਖਿਆ ਕਿ ਪਾਲ ਨੂੰ ਅਸਫਲ ਰਹਿਣ ਤੋਂ ਬਾਅਦ ਆਪ ਹੀ ਅਹੁਦਾ ਛੱਡ ਦੇਣਾ ਚਾਹੀਦਾ ਹੈ ਤਾਂ ਕਿ ਪਾਰਟੀ ਇੱਕਜੁੱਟ ਹੋ ਕੇ ਕੰਮ ਕਰ ਸਕੇ। ਉਨ੍ਹਾਂ ਇੱਕ ਇੰਟਰਵਿਊ ਵਿੱਚ ਆਖਿਆ ਕਿ ਫੈਡਰਲ ਗ੍ਰੀਨ ਪਾਰਟੀ ਵਿੱਚ ਇਸ ਤਰ੍ਹਾਂ ਦੀ ਜੱਦੋਜਹਿਦ ਤੇ ਅਸਹਿਮਤੀ ਵਾਲਾ ਮਾਹੌਲ ਉਨ੍ਹਾਂ ਕਦੇ ਨਹੀਂ ਵੇਖਿਆ। ਪਾਰਟੀ ਦੇ ਭਲੇ ਲਈ ਹੀ ਪਾਲ ਨੂੰ ਲੀਡਰਸ਼ਿਪ ਤੋਂ ਪਾਸੇ ਹੋ ਜਾਣਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਪਾਰਟੀ ਵਿਚਲਾ ਪਾੜਾ ਉਸ ਹੱਦ ਤੱਕ ਪਹੁੰਚ ਚੁੱਕਿਆ ਹੈ ਜਿੱਥੇ ਲੋਕਾਂ ਲਈ ਪਾਰਟੀ ਦੇ ਅੰਦਰ ਹੀ ਇੱਕ ਦੂਜੇ ਨਾਲ ਰਲ ਕੇ ਕੰਮ ਕਰਨਾ ਔਖਾ ਹੋ ਗਿਆ ਹੈ।

# ਕਈ ਗੱਡੀਆਂ ਦੀ ਟੱਕਰ ਵਿੱਚ 4 ਜ਼ਖ਼ਮੀ

ਮਿਸੀਸਾਗਾ, 15 ਜੂਨ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਕਈ ਗੱਡੀਆਂ ਦੀ ਹੋਈ ਟੱਕਰ ਵਿੱਚ ਚਾਰ ਵਿਅਕਤੀ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਇਸ ਹਾਦਸੇ ਵਿੱਚ ਮਿਸੀਸਾਗਾ ਟਰਾਂਜ਼ਿਟ ਬੱਸ ਤੇ ਤਿੰਨ ਹੋਰ ਗੱਡੀਆਂ ਵੀ ਸ਼ਾਮਲ ਸਨ।



ਇਹ ਹਾਦਸਾ ਮੰਗਲਵਾਰ ਸਵੇਰੇ 6:00 ਵਜੇ ਤੋਂ ਠੀਕ ਪਹਿਲਾਂ ਡੈਰੀ ਰੋਡ ਤੇ ਡਿਕਸੀ ਰੋਡ ਉੱਤੇ ਹੋਇਆ। ਪੀਲ ਪੁਲਿਸ ਨੇ ਦੱਸਿਆ ਕਿ ਇਸ ਹਾਦਸੇ ਵਿੱਚ ਬੱਸ ਦਾ ਡਰਾਈਵਰ, ਇੱਕ ਹੋਰ ਗੱਡੀ ਦਾ ਡਰਾਈਵਰ ਤੇ ਦੋ ਹੋਰ ਵਿਅਕਤੀ ਜ਼ਖ਼ਮੀ ਹੋਏ ਸਨ, ਜਿਨ੍ਹਾਂ ਵਿੱਚੋਂ ਇੱਕ ਦੀ ਹਾਲਤ ਕਾਫੀ ਨਾਜ਼ੁਕ ਸੀ। ਡੈਰੀ ਰੋਡ ਨੂੰ ਲਾਂਘੇ ਦੇ ਦੋਵਾਂ ਪਾਸਿਆਂ ਤੋਂ ਬੰਦ ਕਰ ਦਿੱਤਾ ਗਿਆ ਹੈ।

# ਵੈਕਸੀਨੇਸ਼ਨ ਕਲੀਨਿਕ ਉੱਤੇ ਨਸਲਵਾਦੀ ਟਿੱਪਣੀਆਂ ਕਰਨ ਵਾਲੇ ਵਿਅਕਤੀ ਨੂੰ ਪੁਲਿਸ ਨੇ ਕੀਤਾ ਚਾਰਜ

ਵਾਅਨ, 15 ਜੂਨ (ਪੋਸਟ ਬਿਊਰੋ) : ਵਾਅਨ ਵਿੱਚ ਇੱਕ ਵੈਕਸੀਨੇਸ਼ਨ ਕਲੀਨਿਕ ਵਿੱਚ ਨਫਰਤ ਨਾਲ ਸਬੰਧਤ ਇੱਕ ਘਟਨਾ ਬਾਬਤ ਯੌਰਕ ਰੀਜਨ ਦੀ ਪੁਲਿਸ ਨੇ ਇੱਕ ਵਿਅਕਤੀ ਨੂੰ ਚਾਰਜ ਕੀਤਾ ਹੈ।

ਪੁਲਿਸ ਨੇ ਦੱਸਿਆ ਕਿ ਜੂਨ ਦੇ ਸ਼ੁਰੂ ਵਿੱਚ ਇੱਕ ਵਿਅਕਤੀ ਨੇ ਕਲੀਨਿਕ ਦੇ ਇੰਪਲੌਈਜ਼ ਉੱਤੇ ਨਸਲਵਾਦੀ ਟਿੱਪਣੀਆ ਕੀਤੀਆਂ। ਸਿਆਹ ਨਸਲ ਦੇ ਇੰਪਲੌਈਜ਼ ਖਿਲਾਫ ਇਸ ਤਰ੍ਹਾਂ ਦੀਆਂ ਟਿੱਪਣੀਆਂ ਕਰਨ ਤੋਂ ਇਲਾਵਾ ਇਸ ਸ਼ਖ਼ਸ ਨੇ ਕਰਮਚਾਰੀਆਂ ਤੇ ਸਕਿਊਰਿਟੀ ਉੱਤੇ ਥੁੱਕਣ ਦੀ ਵੀ ਕੋਸ਼ਿਸ਼ ਕੀਤੀ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੇ ਪਿਛਲੇ ਵੀਰਵਾਰ ਇਸ ਸ਼ਖਸ ਨੂੰ ਗ੍ਰਿਫਤਾਰ ਕਰ ਲਿਆ।

ਵਾਅਨ ਦੇ 51 ਸਾਲਾ ਐਰੇਜ਼ ਹਾਰੋਸ਼ ਨੂੰ ਹਮਲਾ ਕਰਨ ਦੇ ਦੋਸ਼ ਵਿੱਚ ਚਾਰਜ ਕੀਤੀ ਗਿਆ ਹੈ।




ਪੁਲਿਸ ਨੇ ਰੈਜ਼ੀਡੈਂਟਸ ਨੂੰ ਆਖਿਆ ਹੈ ਕਿ ਜੇ ਕੋਈ ਵੀ ਵਿਅਕਤੀ ਕਿਸੇ ਖਿਲਾਫ ਨਫਰਤ, ਨਸਲਵਾਦ ਜਾਂ ਪੱਖਪਾਤ ਵਾਲੀਆਂ ਟਿੱਪਣੀਆਂ ਕਰਦਾ ਜਾਂ ਕੋਈ ਹਰਕਤ ਕਰਦਾ ਹੈ ਤਾਂ ਉਹ ਫੌਰੀ ਉਨ੍ਹਾਂ ਨੂੰ ਜਾਣਕਾਰੀ ਦੇਣ।

ਇੱਕ ਬਿਆਨ ਵਿੱਚ ਯੌਰਕ ਪੁਲਿਸ ਨੇ ਆਖਿਆ ਕਿ ਅਸੀਂ ਇਸ ਗੱਲ ਤੋਂ ਜਾਣੂ ਹਾਂ ਕਿ ਹੇਟ ਨਾਲ ਸਬੰਧਤ ਮਾਮਲੇ ਰਿਪੋਰਟ ਹੀ ਨਹੀਂ ਕੀਤੇ ਜਾਦੇ ਤੇ ਅਸੀਂ ਆਪਣੀ ਕਮਿਊਨਿਟੀ ਨੂੰ ਇਹ ਯਕੀਨ ਦਿਵਾਉਣਾ ਚਾਹੁੰਦੇ ਹਾਂ ਕਿ ਅਸੀਂ ਇਸ ਤਰ੍ਹਾਂ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦੇ ਹਾਂ ਤੇ ਪ੍ਰਾਪਤ ਹੋਈਆ ਸਾਰੀਆਂ ਰਿਪੋਰਟਾਂ ਦੀ ਜਾਂਚ ਵੀ ਕਰਦੇ ਹਾਂ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ukttc
UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

Jas Toor
Sales Repersentative
Sutton Group-Realty Experts Brokerage*
Independently Owned and Operated.
Call Now: (647)-242-8667
Email- RealtorJasToor@gmail.com

Jagdish Grewal
Sales Repersentative
Century 21 President Realty Inc Brokerage*
Independently Owned and Operated.
Call Now: (416)-970-5005
Email- Jagdish@grewalhomes.com

Caledon
Exclusive Gas Station
Located on very busy road
3 way auto garage + convenience store,1 ਏਕੜ ਦੀ commercial lot ਹੋਰ ਵਧੇਰੇ ਜਾਣਕਾਰੀ ਲਈ ਅੱਜ ਹੀ ਸੰਪਰਕ ਕਰੋ.

Caledon
2.5 ਏਕੜ ਵਿੱਚ ਬਣਿਆ 2 storey ਘਰ , 3500 sq ft. , $5500 ਕਿਰਾਏ ਤੇ ਚੜ੍ਹਿਆ ਹੋਇਆ, offered at very reasonable price.

Mayfield & Gore Road
ਦੇ ਨਜ਼ਦੀਕ 9 ਏਕੜ ਦੀ beautiful clean land with beautiful bunglow available for sale. Lots of future potential.

Caledon
Airport road ਤੇ 500 ft ਦੀ frontage ਵਾਲੇ 10 ਏਕੜ ਜ਼ਮੀਨ 3500 sq.ft. bunglow with walkout basement Motivated Seller.

Caledon
ਵਿੱਚ 5 ਏਕੜ, Main Highway and Main Street ਤੇ corner lot, House and Shop included, Lots of potential
ਸ਼ੋਪ ਅਤੇ ਘਰ ਕਿਰਾਏ ਤੇ ਚੜ੍ਹਿਆ ਹੋਇਆ.

Free Market Evaluation
-Buy
-Sell
-Invest
Call Now:(647) 242-8667
(416) 970-5005

## ਅੱਜ ਨਾਮਾ

ਸੰਸਥਾ ਪਾਕਿ ਦੀ ਮੰਨਿਆ ਦਰਦ ਕਹਿੰਦੇ,
ਔਕੜ ਭਾਰਤ ਲਈ ਬਣੀ ਹੈ ਬੜੀ ਬੇਲੀ।
ਕੰਮ ਨਾ ਆਏ, ਪੜੋਸੀ ਹਾਂ ਅਸੀਂ ਕਾਹਦੇ,
ਕਰਨੀ ਮਦਦ ਹੈ ਔਕੜ ਦੀ ਘੜੀ ਬੇਲੀ।
ਅਮਰੀਕਾ ਵਿੱਚ ਅਪੀਲ ਸੀ ਜਦੋਂ ਕੀਤੀ,
ਲੱਗ ਗਈ ਡਾਲਰਾਂ ਦੀ ਓਥੇ ਝੜੀ ਬੇਲੀ।
ਇਕੱਠਾ ਹੋ ਗਿਆ ਸੁਣੀਂਦਾ ਮਾਲ ਤਕੜਾ,
ਪਿੱਛੋਂ ਹੋਰ ਪਟੜੀ ਮਾਇਆ ਚੜ੍ਹੀ ਬੇਲੀ।
ਭਾਰਤ ਤੱਕ ਨਾ ਡਾਲਰ ਹੈ ਇੱਕ ਪਹੁੰਚਾ,
ਅੱਤਵਾਦੀਆਂ ਲਈ ਫੰਡਿੰਗ ਹੋਈ ਬੇਲੀ।
ਮਾਇਆ ਪੁੰਨ ਦੀ, ਪਾਪ ਦੇ ਕੰਮ ਲਾਈ,
ਲਾਹੀ ਸ਼ਰਮ ਦੀ ਗਈ ਆ ਲੋਈ ਬੇਲੀ।

**ਤੀਸ ਮਾਰ ਖਾਂ**

# ਕੈਪਟਨ ਦਾ ਫਾਰਮ ਹਾਊਸ ਘੇਰਨ ਪਹੁੰਚੇ ਅਕਾਲੀ-ਬਸਪਾ ਵਰਕਰਾਂ ਉੱਤੇ ਪਾਣੀ ਦੀਆਂ ਬੁਛਾੜਾਂ ਚੱਲੀਆਂ

*** ਸੁਖਬੀਰ ਬਾਦਲ ਅਤੇ ਜਸਬੀਰ ਗੜ੍ਹੀ ਸਮੇਤ ਕਈ ਆਗੂ ਫੜੇ ਤੇ ਛੱਡੇ * ਆਪ ਆਗੂਆਂ ਵੱਲੋਂ ਕੈਪਟਨ ਸਰਕਾਰ ਖ਼ਿਲਾਫ਼ ਭੁੱਖ-ਹੜਤਾਲ ਸ਼ੁਰੂ**






ਚੰਡੀਗੜ੍ਹ, 15 ਜੂਨ, (ਪੋਸਟ ਬਿਊਰੋ)- ਸ਼੍ਰੋਮਣੀ ਅਕਾਲੀ ਦਲ ਅਤੇ ਉਸ ਦੀ ਨਵੀਂ ਬਣੀ ਸਿਆਸੀ ਭਾਈਵਾਲ ਬਹੁਜਨ ਸਮਾਜ ਪਾਰਟੀਨੇ ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਦੇ ਮਰੀਜ਼ਾਂ ਲਈ ਖਰੀਦੀ 'ਫਤਹਿ ਕਿੱਟ' ਦੇ ਘੁਟਾਲੇ ਤੇ ਹੋਰ ਮੁੱਦਿਆਂ ਬਾਰੇ ਕੈਪਟਨ ਅਮਰਿੰਦਰ ਸਿੰਘਦਾ ਫਾਰਮ ਹਾਊਸ ਘੇਰਨ ਦੀ ਕੋਸ਼ਿਸ਼ ਕੀਤੀ ਤਾਂਇਸ ਮੌਕੇ ਉਨ੍ਹਾਂ ਦੀ ਪੁਲਿਸ ਨਾਲ ਝੜਪ ਹੋ ਗਈ, ਜਿਸ ਦੇ ਬਾਅਦ ਗੱਠਜੋੜ ਦੇ ਲੀਡਰਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ।

ਅੱਜ ਏਥੋਂ ਨੇੜੇ ਸੀਸਵਾਂ ਵਿੱਚ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਜਸਬੀਰ ਸਿੰਘ ਗੜ੍ਹੀ ਦੀ ਅਗਵਾਈ ਵਿੱਚ ਵਿਰੋਧੀ ਧਿਰ ਦੇ ਮੁੱਖ ਗੱਠਜੋੜ ਅਕਾਲੀ ਦਲ ਤੇ ਬਸਪਾ ਦੇ ਵਰਕਰਾਂ ਨੇ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘਦੇ ਵਿਰੁੱਧ ਪ੍ਰਦਰਸ਼ਨ ਕੀਤਾ, ਜਿਸ ਦੌਰਾਨ ਸੁਖਬੀਰ ਸਿੰਘ ਬਾਦਲ ਸਮੇਤ ਅਕਾਲੀ ਦਲਤੇ ਬਸਪਾ ਦੇ ਆਗੂਆਂ ਅਤੇ ਵਰਕਰਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਅਕਾਲੀ ਦਲ ਤੇ ਬਸਪਾ ਦੇ ਵਰਕਰ ਕੈਪਟਨ ਅਮਰਿੰਦਰ ਸਿੰਘ ਦੇ ਘਰ ਤੋਂ ਕੁਝ ਦੂਰ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ, ਜਦੋਂ ਪੁਲਸ ਨੇ ਇਹ ਕਾਰਵਾਈ ਕੀਤੀ।

ਵਰਨਣ ਯੋਗ ਹੈ ਕਿ ਅਕਾਲੀ ਦਲ ਨੇ ਕੋਵਿਡ ਦੇ ਮਰੀਜ਼ਾਂ ਲਈ ਪੰਜਾਬ ਸਰਕਾਰ ਵੱਲੋਂ ਖਰੀਦੀ 'ਫਤਹਿ-ਕਿੱਟ' ਦੇ ਘੁਟਾਲੇ ਦੀ ਜਾਂਚ ਕਰਾਉਣ ਅਤੇ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਦੇ ਅਸਤੀਫੇ ਦੀ ਮੰਗ ਲਈਕੈਪਟਨ ਸਰਕਾਰ ਦੇ ਖਿਲਾਫ ਮੋਰਚਾ ਖੋਲ੍ਹ ਰੱਖਿਆ ਹੈ।ਅੱਜ ਸਰਕਾਰ ਵਿਰੁੱਧ ਅਕਾਲੀ ਦਲ ਤੇ ਉਸ ਦੀ ਨਵੀਂ ਭਾਈਵਾਲ ਬਹੁਜਨ ਸਮਾਜ ਪਾਰਟੀ ਦਾ ਵਿਰੋਧ ਇੰਨਾ ਵੱਡਾ ਸੀ ਕਿ ਅਕਾਲੀ-ਬਸਪਾ ਵਰਕਰਬੈਰੀਕੇਡ ਤੋੜਨਲੱਗ ਪਏ। ਇਸਮੌਕੇ ਪੁਲਿਸ ਨੇ ਜਲ ਤੋਪਾਂ ਦੀ ਵਰਤੋਂ ਕੀਤੀ, ਜਿਸ ਦੌਰਾਨ ਪੁਲਿਸ ਨਾਲ ਉਨ੍ਹਾਂ ਦੀ ਝੜਪ ਹੋਈ ਅਤੇ ਪੁਲਿਸ ਨੇ ਅਕਾਲੀ ਆਗੂਆਂ ਸੁਖਬੀਰ ਸਿੰਘ ਬਾਦਲ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਅਤੇ ਬਸਪਾ ਦੇ ਪ੍ਰਧਾਨ ਜਸਬੀਰ ਸਿੰਘ ਗੜ੍ਹੀ ਅਤੇ ਹੋਰਨਾਂ ਨੂੰ ਗ੍ਰਿਫਤਾਰ ਕਰ ਲਿਆ। ਬਾਅਦ ਵਿੱਚ ਇਨ੍ਹਾਂ ਨੂੰ ਕੁਰਾਲੀ ਥਾਣੇ ਵਿੱਚ ਕਾਰਵਾਈ ਦੇ ਬਾਅਦ ਛੱਡ ਦਿੱਤਾ ਗਿਆ।

ਦੂਸਰੇ ਪਾਸੇ ਆਮ ਆਦਮੀ ਪਾਰਟੀ ਪੰਜਾਬ ਦੇ ਐਸ ਸੀ ਵਿੰਗ ਨੇਅੱਜ ਮੰਗਲਵਾਰ ਦਲਿਤ ਵਿਦਿਆਰਥੀਆਂ ਦੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਵਿੱਚ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਵੱਲੋਂ ਕੀਤੇ ਘੁਟਾਲੇ ਖ਼ਿਲਾਫ਼ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ ਦੇ ਦਫ਼ਤਰਾਂ ਅੱਗੇ ਰੋਸ ਪ੍ਰਦਰਸ਼ਨ ਕੀਤੇ। ਪਾਰਟੀ ਦੇ ਮੁੱਖ ਦਫ਼ਤਰ ਤੋਂ ਜਾਰੀ ਬਿਆਨ ਰਾਹੀਂ ਪੰਜਾਬ ਵਿਧਾਨ ਸਭਾ ਵਿੱਚ ਆਪੋਜੀਸ਼ਨ ਆਗੂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪਾਰਟੀ ਦੇ ਐਸ ਸੀ ਵਿੰਗ ਨੇ ਜ਼ਿਲਾ ਪ੍ਰਧਾਨਾਂ ਦੀ ਅਗਵਾਈ ਵਿੱਚ ਸਾਰੇ ਜ਼ਿਲਿਆਂ ਵਿੱਚ ਡਿਪਟੀ ਕਮਿਸ਼ਨਰਾਂ ਦੇ ਦਫ਼ਤਰਾਂ ਅੱਗੇ ਭੁੱਖ ਹੜਤਾਲ ਅਤੇ ਪ੍ਰਦਰਸ਼ਨ ਕੀਤਾ ਹੈਅਤੇ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਤੇ ਸਮਾਜ ਭਲਾਈ ਮੰਤਰੀ ਸਾਧੂ ਸਿੰਘ ਧਰਮਸੋਤਉੱਤੇਕੇਸਦਰਜ ਹੋਣ ਤੱਕ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਪਹਿਲਾਂ ਅਕਾਲੀ-ਭਾਜਪਾ ਸਰਕਾਰ ਨੇ ਦਲਿਤਾਂ ਦੇ ਹੱਕਾਂ ਉੱਤੇ ਡਾਕਾ ਮਾਰਿਆ ਅਤੇ ਫਿਰ ਕੈਪਟਨ ਅਮਰਿੰਦਰ ਸਿੰਘ ਦੀ ਕਾਂਗਰਸ ਸਰਕਾਰ ਦਲਿਤਾਂ ਦੇ ਹੱਕ ਮਾਰ ਰਹੀ ਹੈ।

# ਟੋਰਾਂਟੋ ਵਿੱਚ 30,000 ਵਾਧੂ ਅਪੁਆਇੰਟਮੈਂਟਸ ਰਾਹੀਂ ਲਾਏ ਜਾਣਗੇ ਮੌਡਰਨਾ ਦੇ ਟੀਕੇ




ਟੋਰਾਂਟੋ, 15 ਜੂਨ (ਪੋਸਟ ਬਿਊਰੋ) : ਬੁੱਧਵਾਰ ਸਵੇਰ ਤੋਂ ਸਿਟੀ ਵੱਲੋਂ ਚਲਾਏ ਜਾਣ ਵਾਲੇ ਇਮਿਊਨਾਈਜ਼ੇਸ਼ਨ ਕਲੀਨਿਕਸ ਵਿੱਚ 30,000 ਹੋਰ ਲੋਕਾਂ ਨੂੰ ਮੌਡਰਨਾ ਦੇ ਟੀਕੇ ਲਾਏ ਜਾਣਗੇ।

ਇੱਕ ਰਲੀਜ਼ ਵਿੱਚ ਸਿਟੀ ਨੇ ਦੱਸਿਆ ਕਿ ਸੋਮਵਾਰ ਸਵੇਰੇ ਹੀ ਉਨ੍ਹਾਂ ਦੇ ਕਲੀਨਿਕਸ ਲਈ 99 ਫੀ ਸਦੀ ਬੁਕਿੰਗ ਹੋ ਚੁੱਕੀ ਸੀ। 30,000 ਵਾਧੂ ਅਪੁਆਇੰਟਮੈਂਟਸ ਦੌਰਾਨ ਮੌਡਰਨਾ ਵੈਕਸੀਨ ਦੇ ਹੀ ਸ਼ੌਟ ਦਿੱਤੇ ਜਾਣਗੇ। ਮੌਡਰਨਾ ਦੀ ਡੋਜ਼ ਲਈ ਅਪੁਆਇੰਟਮੈਂਟ ਬੁੱਧਵਾਰ ਸਵੇਰੇ 8:00 ਵਜੇ ਤੋਂ ਹੀ ਬੁੱਕ ਕਰਵਾਈ ਜਾ ਸਕੇਗੀ। ਇਹ ਅਪੁਆਇੰਟਮੈਂਟ 22 ਜੂਨ ਤੇ 27 ਜੂਨ ਦੇ ਦਰਮਿਆਨ ਵਾਲੇ ਸਲੌਟ ਲਈ ਹੋਵੇਗੀ।

ਮੇਅਰ ਜੌਹਨ ਟੋਰੀ ਨੇ ਇੱਕ ਬਿਆਨ ਜਾਰੀ ਕਰਕੇ ਆਖਿਆ ਕਿ ਅਗਲੇ ਹਫਤੇ ਇਹ ਵਾਧੂ ਅਪੁਆਇੰਟਮੈਂਟਸ ਨਾਲ ਜਲਦ ਤੋਂ ਜਲਦ ਵੱਧ ਤੋਂ ਵੱਧ ਲੋਕਾਂ ਨੂੰ ਵੈਕਸੀਨੇਟ ਕੀਤਾ ਜਾ ਸਕੇਗਾ। ਸਥਾਨਕ ਵਾਸੀਆਂ ਨੂੰ ਵੈਕਸੀਨੇਟ ਕਰਨ ਲਈ ਅਸੀਂ ਪੂਰੀ ਕੋਸ਼ਿਸ਼ ਕਰ ਰਹੇ ਹਾਂ ਤੇ ਸਾਡਾ ਪੱਕਾ ਇਰਾਦਾ ਹੈ ਕਿ ਸਿਟੀ ਵਿੱਚ ਵੈਕਸੀਨੇਸ਼ਨ ਜਲਦ ਤੋਂ ਜਲਦ ਪੂਰੀ ਹੋਵੇ ਤੇ ਇਸ ਵਿੱਚ ਕੋਈ ਵਿਘਨ ਨਾ ਪਵੇ ਤਾਂ ਕਿ ਅਸੀਂ ਮਹਾਂਮਾਰੀ ਦਾ ਜੜ੍ਹੋਂ ਸਫਾਇਆ ਕਰ ਸਕੀਏ।

18 ਸਾਲ ਤੇ ਇਸ ਤੋਂ ਉੱਪਰ ਦੇ ਲੋਕਾਂ ਲਈ ਮੌਡਰਨਾ ਨੂੰ ਮਨਜ਼ੂਰੀ ਦਿੱਤੀ ਗਈ ਹੈ ਜਦਕਿ 12 ਤੋਂ 17 ਸਾਲ ਤੱਕ ਦੇ ਲੋਕਾਂ ਨੂੰ ਫਾਈਜ਼ਰ ਹੀ ਦਿੱਤੀ ਜਾ ਰਹੀ ਹੈ। ਇਹ ਨਵੀਆਂ ਅਪੁਆਇੰਟਮੈਂਟਸ ਸਿਰਫ ਮੌਡਰਨਾ ਲਈ ਹੀ ਹੋਣਗੀਆਂ।

# ਡਿਪਟੀ ਪੀਐੱਮ ਕ੍ਰਿਸਟੀਆ ਫ੍ਰੀਲੈਂਡ ਅਤੇ ਸੰਸਦ ਮੈਂਬਰ ਸੋਨੀਆ ਸਿੱਧੂ ਨੇ ਬਰੈਂਪਟਨ ਸਾਊਥ ਦੇ ਪਰਿਵਾਰ ਨਾਲ ਚਾਈਲਡ ਕੇਅਰ ਸਬੰਧੀ ਕੀਤੀ ਵਰਚੁਅਲ ਮੁਲਾਕਾਤ





ਬਰੈਂਪਟਨ - ਪਿਛਲੇ ਸ਼ੁੱਕਰਵਾਰ, ਕੈਨੇਡਾ ਫੈਂਡਰਲ ਸਰਕਾਰ ਦੀ ਚਾਈਲਡ ਕੇਅਰ ਦੀ ਯੋਜਨਾ ਬਾਰੇ ਵਿਚਾਰ ਵਟਾਂਦਰੇ ਲਈ, ਸੰਸਦ ਮੈਂਬਰ ਸੋਨੀਆ ਸਿੱਧੂ ਵੱਲੋਂ ਬਰੈਂਪਟਨ-ਸਾਊਥ ਦੇ ਸ਼ੇਰ ਸਿੰਘ ਦੇ ਪਰਿਵਾਰ ਨਾਲ ਉਪ

ਪ੍ਰਧਾਨ ਮੰਤਰੀ ਕ੍ਰਿਸਟੀਆ ਫ੍ਰੀਲੈਂਡ ਨਾਲ ਵਰਚੁਅਲ ਮੁਲਾਕਾਤ ਕਰਵਾਈ ਗਈ।

ਪਰਿਵਾਰ 'ਚੋਂ ਸ਼ੇਰ ਸਿੰਘ, ਉਹਨਾਂ ਦੀ ਪਤਨੀ ਨੈਨਸੀ, ਅਤੇ ਉਨ੍ਹਾਂ ਦੇ 2 ਸਾਲ ਦੇ ਬੇਟੇ ਕੰਵਲ ਨੈਨ ਸਿੰਘ ਸ਼ਾਮਲ ਸਨ, ਜਿੰਨ੍ਹਾਂ ਨੇ ਮਹਾਂਮਾਰੀ ਦੌਰਾਨ ਇੱਕ ਮਿਹਨਤਕਸ਼ ਅਤੇ ਮੱਧਵਰਗੀ ਪਰਿਵਾਰ ਵਜੋਂ ਡਿਪਟੀ ਪੀਐੱਮ ਫ੍ਰੀਲੈਂਡ ਨੂੰ ਆਪਣੇ ਤਜਰਬਿਆਂ ਅਤੇ ਪੇਸ਼ ਆਈਆਂ ਮੁਸ਼ਕਲਾਂ ਤੋਂ ਜਾਣੂ ਕਰਵਾਇਆ। ਵਿਚਾਰ ਵਟਾਂਦਰੇ ਦੌਰਾਨ, ਬੱਚੇ ਦੀ ਦਾਦੀ ਜੋ ਕਿ ਪੇਸ਼ੇ ਵਜੋਂ ਅਧਿਆਪਕ ਹਨ, ਜਗਦੀਪ ਕੌਰ ਨੇ ਵੀ ਵੱਖੋ-ਵੱਖਰੀਆਂ ਗੱਲਾਂ ਅਤੇ ਮੁਸ਼ਕਲਾਂ ਦਾ ਜ਼ਿਕਰ ਕੀਤਾ, ਜਿੰਨ੍ਹਾਂ ਦਾ ਉਹਨਾਂ ਨੇ ਇਸ ਸਮੇਂ ਦੌਰਾਨ ਸਾਹਮਣਾ ਕੀਤਾ ਹੈ।

ਵੁਮੈਨ ਕਮੇਟੀ ਦੀ ਉਪ-ਚੇਅਰ ਹੋਣ ਦੇ ਨਾਤੇ, ਸੰਸਦ ਮੈਂਬਰ ਸੋਨੀਆ ਸਿੱਧੂ ਵੱਲੋਂ ਬੱਚਿਆਂ ਦੀ ਦੇਖਭਾਲ ਨੂੰ ਕਿਫਾਇਤੀ ਬਣਾਉਣ ਲਈ ਲਗਾਤਾਰ ਆਵਾਜ਼ ਉਠਾਈ ਜਾਂਦੀ ਰਹੀ ਹੈ। ਉਹਨਾਂ ਨੇ ਕਿਹਾ ਕਿ ਜਦੋਂ ਮਾਪੇ, ਖ਼ਾਸਕਰ ਮਾਵਾਂ, ਬੱਚਿਆਂ ਦੀ ਦੇਖਭਾਲ ਕਰਨ ਦੇ ਨਤੀਜੇ ਵਜੋਂ ਕੰਮ ਕਰਨ ਦੇ ਅਸਮਰੱਥ ਹੁੰਦੀਆਂ ਹਨ ਤਾਂ ਪਰਿਵਾਰ ਨੂੰ ਵੀ ਵਿੱਤੀ ਬੋਝ ਅਤੇ ਹੋਰਨਾਂ ਮੁਸ਼ਕਲਾਂ ਨੂੰ ਨਜਿੱਠਣਾ ਪੈਂਦਾ ਹੈ। ਉਹਨਾਂ ਨੇ ਕਿਹਾ ਕਿ ਬਰੈਂਪਟਨ

ਸਾਊਥ ਦੇ ਇਸ ਪਰਿਵਾਰ ਵਾਂਗ ਕੈਨੇਡਾ ਭਰ ਦੇ ਪਰਿਵਾਰਾਂ ਨੂੰ ਚਾਈਲਡ ਕੇਅਰ ਬੈਨੀਫਿਟ 'ਚ ਵਾਧਾ ਹੋਣ ਕਾਰਨ ਲੋੜੀਂਦੀ ਸਹਾਇਤਾ ਕੈਨੇਡਾ ਫੈਡਰਲ ਸਰਕਾਰ ਵੱਲੋਂ ਮੁਹੱਈਆ ਕਰਵਾਈ ਗਈ ਹੈ ਕਿਉਂਕਿ ਜਦੋਂ ਬੱਚਿਆਂ ਦੀ ਦੇਖਭਾਲ ਨੂੰ ਕਿਫਾਇਤੀ ਬਣਾਇਆ ਜਾਂਦਾ ਹੈ ਤਾਂ ਮਹਿਲਾਵਾਂ, ਬੱਚਿਆਂ ਅਤੇ ਆਰਥਿਕਤਾ ਨੂੰ ਵੀ ਲਾਭ ਹੁੰਦਾ ਹੈ।ਐਮ ਪੀ ਸੋਨੀਆ ਸਿੱਧੂ ਨੇ ਇਸ ਮਹੱਤਵਪੂਰਣ ਵਿਸ਼ੇ 'ਤੇ ਵਿਚਾਰ ਵਟਾਂਦਰੇ ਲਈ, ਪੀਲ ਵਿਚ ਪਰਿਵਾਰਾਂ ਨਾਲ ਮੁਲਾਕਾਤ ਕਰਨ ਅਤੇ ਬਰੈਂਪਟਨ ਸਾਊਥ ਦੇ ਪਰਿਵਾਰਾਂ ਦੀਆਂ ਮੁਸ਼ਕਲਾਂ ਸੁਣਨ ਲਈ ਮੰਤਰੀ ਫ੍ਰੀਲੈਂਡ ਦਾ ਧੰਨਵਾਦ ਕੀਤਾ।


ਕੈਨੇਡਾ ਸਰਕਾਰ ਵੱਲੋਂ ਬੱਚਿਆਂ ਵਾਲੇ ਮੱਧ ਵਰਗੀ ਪਰਿਵਾਰਾਂ ਦੀਆਂ ਲੋੜਾਂ ਨੂੰ ਧਿਆਨ 'ਚ ਰੱਖਦਿਆਂ ਬਜਟ 2021 ਨੂੰ ਬਣਾਇਆ ਗਿਆ ਹੈ। ਪਿਛਲੇ ਮਹੀਨੇ, ਫੈਡਰਲ ਸਰਕਾਰ ਨੇ ਕੈਨੇਡਾ ਚਾਈਲਡ ਬੈਨੀਫਿਟ ਵਿਚ ਵਾਧਾ ਕਰਨ ਦੀ ਘੋਸ਼ਣਾ ਕੀਤੀ ਸੀ, ਜਿਸ 'ਚ ਯੋਗ ਪਰਿਵਾਰ 6.6 ਸਾਲ ਤੋਂ ਘੱਟ ਉਮਰ ਦੇ ਬੱਚੇ ਪ੍ਰਤੀ ਵਾਧੂ $ 1200 ਤੱਕ ਪ੍ਰਾਪਤ ਕਰ ਸਕਦੇ ਹਨ। ਇਹ ਭੁਗਤਾਨ ਬੱਚਿਆਂ ਦੀ ਦੇਖਭਾਲ ਦੇ ਪ੍ਰਬੰਧ, ਸਿਹਤਮੰਦ ਭੋਜਨ ਅਤੇ ਕੱਪੜੇ ਵਰਗੀਆਂ ਜ਼ਰੂਰੀ ਚੀਜ਼ਾਂ ਦੀ ਅਦਾਇਗੀ ਵਿੱਚ ਸਹਾਇਤਾ ਕਰਨਗੇ। ਇਸ ਤੋਂ ਇਲਾਵਾ ਬਜਟ 2021 ਵਿੱਚ ਕਿਊਬੈਕ ਦੇ ਬਾਹਰਲੇ ਸਾਰੇ ਸੂਬਿਆਂ ਵਿੱਚ ਨਿਯਮਤ ਸ਼ੁਰੂਆਤੀ ਸਿਖਲਾਈ ਅਤੇ ਬੱਚਿਆਂ ਦੀ ਦੇਖਭਾਲ ਲਈ ਔਸਤਨ ਫੀਸਾਂ ਵਿੱਚ 50 ਪ੍ਰਤੀਸ਼ਤ ਦੀ ਕਟੌਤੀ ਦਾ ਪ੍ਰਸਤਾਵ ਹੈ ਅਤੇ ਦੇਸ਼ ਭਰ 'ਚ ਚਾਈਲਡ ਕੇਅਰ ਦੀ ਫੀਸ ਨੂੰ 10 ਡਾਲਰ/ਦਿਨ ਤੱਕ ਘਟਾਉਣ ਦਾ ਟੀਚਾ ਮਿੱਥਿਆ ਗਿਆ ਹੈ।

## "ਹਾਟ-ਸਪਾਟ ਕਮਿਊਨਟੀਆਂ 'ਚ ਰਹਿ ਰਹੇ ਵਿਅਕਤੀ ਕੋਵਿਡ-19 ਦੀ ਦੂਸਰੀ ਵੈਕਸੀਨ ਲਗਵਾਉਣ ਲਈ ਜ਼ਰੂਰ ਕਰਨ ਰਜਿਸਟਰ" : ਸੋਨੀਆ ਸਿੱਧੂ

ਬਰੈਂਪਟਨ ਸਾਊਥ ਸਮੇਤ ਹੋਰਨਾਂ ਖੇਤਰਾਂ 'ਚ ਕੋਵਿਡ-19 ਦੀ ਦੂਸਰੀ ਵੈਕਸੀਨ ਡੋਜ਼ ਲਗਵਾਉਣ ਦਾ ਕੰਮ ਸ਼ੁਰੂ ਹੋ ਚੁੱਕਿਆ ਹੈ ਅਤੇ ਐੱਮ.ਪੀ ਸਿੱਧੂ ਵੱਲੋਂ ਬਰੈਂਪਟਨ ਵਾਸੀਆਂ ਨੂੰ ਇਸਦੀ ਰਜਿਸਟ੍ਰੇਸ਼ਨ ਕਰਵਾਉਣ ਦੀ ਅਪੀਲ ਕੀਤੀ ਗਈ।

ਇਸ ਸਬੰਧੀ ਪਿਛਲੇ ਹਫਤੇ ਹੀ ਐੱਮ.ਪੀ ਸੋਨੀਆ ਸਿੱਧੂ ਨੇ ਹੈੱਲਥ ਕਮੇਟੀ 'ਚ ਪੀਲ ਰੀਜ਼ਨ 'ਚ ਫੈਲ ਰਹੇ ਡੈਲਟਾ ਵੇਰੀਅੰਟ ਦੇ ਮੱਦੇਨਜ਼ਰ ਵੈਕਸੀਨ ਦੀ ਦੂਸਰੀ ਡੋਜ਼ ਲਈ ਟੀਕਕਰਾਣ ਮੁਹਿੰਮ 'ਚ ਓਨਟਾਰੀਓ ਸੂਬਾ ਸਰਕਾਰ ਵੱਲੋਂ ਤੇਜ਼ੀ ਲਿਆਉਣ ਦੀ ਜ਼ਰੂਰਤ ਸਬੰਧੀ ਚੀਫ਼ ਪਬਲਿਕ ਹੈਲਥ ਅਫਸਰ, ਪੀਲ ਰੀਜਨ ਡਾ: ਲਾਰੈਂਸ ਲੋਅ ਨੂੰ ਸਵਾਲ ਕੀਤਾ ਸੀ, ਜਿਸਦੇ ਜਵਾਬ 'ਚ ਡਾ: ਲੋਅ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਬਰੈਂਪਟਨ ਵਾਸੀਆਂ ਨੂੰ ਵੈਕਸੀਨ ਦੀ ਦੂਸਰੀ ਡੋਜ਼ ਲਗਾਉਣ 'ਚ ਤੇਜ਼ੀ ਲਿਆਉਣ ਬਾਰੇ ਹਾਮੀ ਭਰੀ ਸੀ। ਇਸ ਸਬੰਧੀ ਗੱਲ ਕਰਦਿਆਂ ਐੱਮ.ਪੀ ਸੋਨੀਆ ਸਿੱਧੂ ਨੇ ਕਿਹਾ ਕਿ ਉਹਨਾਂ ਨੂੰ ਖੁਸ਼ੀ ਹੈ ਕਿ ਪੀਲ ਰੀਜਨ 'ਚ ਦੂਸਰੀ ਡੋਜ਼ ਟੀਕਾਕਰਣ ਸਬੰਧੀ ਮੁੱਦੇ ਨੂੰ ਗੰਭੀਰਤਾ ਨਾਲ ਵਿਚਾਰ ਕੇ ਰਜਿਸਟਰੇਸ਼ਨ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਉਹਨਾਂ ਨੇ ਕਿਹਾ ਕਿ ਉਹ ਆਉਣ ਵਾਲੇ ਸਮੇਂ 'ਚ ਵੀ ਇਸ ਤਰ੍ਹਾਂ ਜ਼ਰੂਰੀ ਮੁੱਦਿਆਂ 'ਤੇ ਲੋੜੀਂਦੇ ਕਦਮ ਚੁੱਕਦੇ ਰਹਿਣਗੇ। ਕੱਲ੍ਹ ਐੱਮ.ਪੀ ਸੋਨੀਆ ਸਿੱਧੂ ਵੱਲਂ ਹੈੱਲਥ ਕਮੇਟੀ 'ਚ ਡਾ: ਟੂਨਿਸ ਨਾਲ ਵੈਕਸੀਨਾਂ ਦੀ ਡੈਲਟਾ ਵੇਰੀਅੰਟ ਖਿਲਾਫ ਲੜਣ ਦੀ ਸਮਰੱਥਾ ਬਾਰੇ ਵੀ ਗੱਲਬਾਤ ਕੀਤੀ ਗਈ। ਕੈਨੇਡਾ 'ਚ 31 ਮਿਲੀਅਨ ਤੋਂ ਜ਼ਿਆਦਾ ਵੈਕਸੀਨ ਖੇਪ ਪਹੁੰਚ ਚੁੱਕੀ ਹੈ ਅਤੇ ਤੈਅ ਸਮੇਂ ਤੋਂ ਪਹਿਲਾਂ ਹੀ ਕਈ ਹੋਰ ਖੇਪਾਂ ਕੈਨੇਡਾ ਹਰ ਹਫਤੇ ਪਹੁੰਚ ਰਹੀਆਂ ਹਨ। ਇਸ ਸਬੰਧੀ ਐੱਮ.ਪੀ ਸੋਨੀਆ ਸਿੱਧੂ ਨੇ ਕਿਹਾ ਕਿ ਵਾਅਦੇ ਮੁਤਾਬਕ, ਕੈਨੇਡਾ ਸਰਕਾਰ ਸਤੰਬਰ ਮਹੀਨੇ ਤੱਕ ਹਰ ਉਸ ਵਿਅਕਤੀ ਤੱਕ ਕੋਵਿਡ-19 ਵੈਕਸੀਨ ਦੀ ਪਹੁੰਚ ਕਰਵਾਏਗੀ, ਜੋ ਵੈਕਸੀਨ ਲਗਵਾਉਣਾ ਚਾਹੁੰਦੇ ਹਨ।

ਹਵਾਈ ਸਫਰ ਨੂੰ ਸੁਹਾਵਨਾ ਤੇ ਸੁਰੱਖਿਅਤ ਬਣਾਓ ਤੇ ਸਾਡੀ
TRAVEL INSURANCE ਦੀ ਮੁਹਾਰਤ ਦਾ ਫਾਇਦਾ ਉਠਾਓ




Join and Represent Us

- VISITOR TO CANADA INSURANCE
- TRAVEL OUT INSURANCE
- INTERNATIONAL STUDENT INSURANCE
- OTHER INSURANCE PRODUCTS

905-707-1512
905-707-1513
Molly@jfgroup.ca
Toronto Head Office:
15 wertheim court # 501
Richmond Hill, ON L4B 3H7

REXDALE BODY SHOP

USED CAR SALE



CHEEMA

LOWEST PRICE IN TOWN

Towing Service Car Paint Starts $799* upto 100% Deductible Paid*

Specialization In:
★ All Kinds of Body Work
★ Auto Glass Windshield
★ Denting, Painting & Welding

SPECIAL PAINT JOB $779

RENTAL CAR PROVIDED



25 years of Canadian Experience
OPEN MON - SAT 9AM TO 7PM

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

Call Rick or Manminder Cheema: 416.749.9596 / 416.951.6431

30 Racine Rd. Toronto, ON, M9W 2Z3, FAX: 416.749.9597 www.AAABODYSHOP.ca mcheemaaaa@hotmail.com

NEED A LAWYER ??

KAUR LAW OFFICE

Red Seal NOTARY



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization



BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1



Grand Upholstery Ltd
Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ




Tel: 905.791.2888 Cell: 647.293.3212
2053 williams Pkway unit #45, Brampton, ON L6S 5T4 Email: grandupholsery@gmail.com

# ਪਾਰਲੀਮੈਂਟ ’ਤੇ 1984 ਦੇ ਸ਼ਹੀਦਾਂ ਦੀ ਯਾਦ ਵਿੱਚ ਸਲਾਨਾ ਇਕੱਠ

ਓਟਵਾ: ਬੀਤੇ ਦਿਨੀਂ ਸੰਨ 1984 ਵਿੱਚ 1 ਜੂਨ ਤੋਂ 6 ਜੂਨ ਤੱਕ ਭਾਰਤੀ ਫੌਜ ਨੇ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਅੰਦਰ ਧੂੰਆਂਧਾਰ ਫਾਇਰਿੰਗ ਕਰਕੇ 30 ਹਜ਼ਾਰ ਦੇ ਕਰੀਬ ਸ਼ਰਧਾਲੂ ਸੰਗਤ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਸੀ। ਭਾਰਤ ਸਰਕਾਰ ਵਲੋਂ ਸਿੱਖ ਕੌਮ ਦੀ ਨਸਲਕੁਸ਼ੀ ਕਰਨ ਦੀ ਕੀਤੀ ਗਈ ਘਟੀਆ ਹਰਕਤ ਨੇ ਜਿਥੇ ਸਮੁੱਚੀ ਸਿੱਖ ਕੌਮ ਨੂੰ ਗੁਲਾਮੀ ਦਾ ਅਹਿਸਾਸ ਕਰਵਾਇਆ ਉਥੇ ਸ਼ਹੀਦ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਹੋਰ ਸੈਂਕੜੇ ਮਰਜੀਵੜਿਆਂ ਨੇ ਭਾਰਤੀ ਹਕੂਮਤ ਨੂੰ ਦੱਸ ਦਿੱਤਾ ਕਿ ਅਜੋਕੇ ਖਾਲਸਾ ਪੰਥ ਵਿਚ ਵੀ ਪੁਰ-ਾਤਨ ਸਿੰਘਾਂ ਨਾਲ ਲੜਨ ਅਤੇ ਮਰਨ ਦਾ ਜਜ਼ਬਾ ਹੈ।

ਅੱਜ ਕੈਨੇਡਾ ਦੀ ਪਾਰਲੀਮੈਂਟ ਹਿੱਲ ਔਟਵਾ ਵਿਖੇ 1984 ਦੇ ਸ਼ਹੀਦਾਂ ਦੀ ਯਾਦ ਵਿੱਚ ਭਾਵਪੂਰਤ ਰੀਮੈਂਬਰੈਂਸ ਰੈਲੀ ਕੀਤੀ ਗਈ।

ਕੋਵਿਡ-19 ਦੇ ਬਾਵਜੂਦ ਟਰਾਂਟੋ, ਔਟਵਾ ਅਤੇ ਮਾਂਟਰੀਅਲ ਤੋਂ ਸਿੱਖ ਸੰਗਤ ਨੇ ਹਿੱਸਾ ਲਿਆ।

ਉਨਟਾਰੀਓ ਗੁਰਦੁਆਰਾ ਕਮੇਟੀ, ਅਕਾਲੀ ਦਲ ਅੰਮ੍ਰਿਤਸਰ ਕੈਨੇਡਾ, ਵਨ ਪੰਥ ਯੂਥ ਗਰੁੱਪ, ਸਿੱਖ ਵਿਜ਼ਨ ਮਾਂਟਰੀਅਲ, ਗੁਰਦੁਆਰਾ ਗੁਰੂ ਨਾਨਕ ਮਿਸ਼ਨ ਅਤੇ ਸਿੱਖ ਮੋਟਰਸਾਈਕਲ ਕਲੱਬ ਆਦਿ ਸੰਸਥਾਵਾਂ ਵਲੋਂ ਰੱਖੀ ਗਈ ਇਸ



ਰੈਲੀ ਦੀ ਸ਼ੁਰੂਆਤ ਅਰਦਾਸ ਨਾਲ ਹੋਈ। ਜੋ ਮਾਂਟਰੀਅਲ ਤੋਂ ਪੁੱਜੇ ਜਥੇਦਾਰ ਸੰਤੋਖ ਸਿੰਘ ਖੇਲਾ ਨੇ ਕੀਤੀ।

ਅਰਦਾਸ ਤੋਂ ਬਾਅਦ ਸਟੇਜ ਦੀ ਸੇਵਾ ਸੰਭਾਲ ਰਹੇ ਸੁਖਦੇਵ ਸਿੰਘ ਗਿੱਲ (ਅੱਜ ਦੀ ਆਵਾਜ) ਨੇ ਸਮੁੱਚੀ ਸੰਗਤ

ਨੂੰ ਮਾਰਚ ਕਰਕੇ ਪਾਰਲੀਮੈਂਟ ਸਾਹਮਣੇ ਬਣੇ ਮੂਲਨਿਵਾਸੀ ਬੱਚਿਆਂ ਦੇ ਮੈਮੋਰੀਅਲ ਵੱਲ ਜਾਣ ਦਾ ਸੱਦਾ ਦਿੱਤਾ। ਇਹ ਪਲ ਬੜੇ ਹੀ ਭਾਵਨਾਤਮਿਕ ਸਨ ਜਦੋਂ ਸਮੁੱਚੀ ਸੰਗਤ ਬ੍ਰਿਟਿਸ਼ ਹਕੂਮਤ ਵਲੋਂ ਮਾਰੇ ਗਏ ਬੱਚਿਆਂ ਦੀ ਯਾਦ ਵਿੱਚ ਜੁੱਤੇ ਅਤੇ ਟੈਡੀਬੀਅਰ ਲੈ ਕੇ ਵਾਹਿਗੁਰੂ ਦਾ ਸਿਮਰਨ ਕਰਦੀ ਮੈਮੋਰੀਅਲ ਵੱਲ ਜਾ ਰਹੀ ਸੀ।

ਇਸ ਮੌਕੇ 215 ਮੂਲ ਨਿਵਾਸੀ ਬੱਚਿਆਂ ਦੇ ਬਣੇ ਮੈਮੋਰੀਅਲ ਤੇ ਸਮੂਹ ਸੰਗਤ ਨੇ ਜੁੱਤੇ ਅਤੇ ਟੈਡੀਬੀਅਰ

ਅਦਾ ਕਰਦਿਆਂ ਮਰਹੂਮ ਬੱਚਿਆਂ ਨੂੰ ਸ਼ਰਧਾਂਜ਼ਲੀ ਦਿੱਤੀ। ਇਸ ਮੌਕੇ ਅਕਾਲੀ ਦਲ ਅੰਮ੍ਰਿਤਸਰ ਕੈਨੇਡਾ ਦੇ ਸੀਨੀਅਰ ਮੈਂਬਰ ਸੁਖਮਿੰਦਰ ਸਿੰਘ ਹੰਸਰਾ ਨੇ ਕਿਹਾ ਕਿ ਅਸੀਂ ਮੂਲਨਿਵਾਸੀ ਭਾਈਚਾਰੇ ਦੇ ਦੁੱਖ ਵਿੱਚ ਸ਼ਰੀਕ ਹੁੰਦੇ ਹਾਂ। ਉਨ੍ਹਾਂ ਕਿਹਾ ਕਿ ਇਹ ਮੂਲਨਿਵਾਸੀ ਕਮਿਊਨਟੀ ਦਾ ਨਰਸੰਘਾਰ ਹੈ, ਅਜਿਹਾ ਹੀ ਸਿੱਖ ਕੌਮ ਨਾਲ 1984 ਵਿੱਚ ਵਾਪਰਿਆ ਸੀ ਜਿਸ ਦੀ 37ਵੀਂ ਵਰੇਗੰਢ ਦੀ

ਯਾਦ ਵਿੱਚ ਅਸੀਂ ਔਟਵਾ ਪਹੁੰਚੇ ਹਾਂ। ਉਨ੍ਹਾਂ ਕਿਹਾ ਕਿ ਅਸੀਂ ਕਨੇਡੀਅਨ ਸਰਕਾਰ ਨੂੰ ਕਹਿਣਾ ਚਾਹੁੰਦੇ ਹਾਂ ਕਿ ਮੂਲਨਿਵਾਸੀਆਂ ਨਾਲ ਹੋ ਰਹੇ ਧੱਕੇ ਬਾਰੇ ਗੱਲਾਂ ਬਹੁਤ ਹੋ ਗਈਆਂ, ਹੁਣ ਕੁੱਝ ਕਰਨ ਦੀ ਲੋੜ ਹੈ।

ਉਨਟਾਰੀਓ ਗੁਰਦੁਆਰਾ ਕਮੇਟੀ ਦੇ ਬੁਲਾਰੇ ਅਮਰਜੀਤ ਸਿੰਘ ਮਾਨ ਨੇ ਬੱਚਿਆਂ ਨੂੰ ਸ਼ਰਧਾਂਜਲੀ ਦਿੰਦਿਆਂ

ਉਥੇ ਮੌਜੂਦ ਮੂਲਨਿਵਾਸੀ ਨੂੰ ਕਿਹਾ ਕਿ ਅਸੀਂ ਤੁਹਾਡੇ ਦੁੱਖ ਵਿੱਚ ਸ਼ਾਮਲ ਹਾਂ। ਅਸੀਂ ਤੁਹਾਡੀ ਚੀਸ ਸਮਝਦੇ ਹਾਂ। ਕੈਨੇਡਾ ਦੀ ਉਸ ਵੇਲੇ ਦੀ ਰਾਜਨੀਤਕ ਹਕੂਮਤ ਨੇ ਜਿਸ ਤਰ੍ਹਾਂ ਮੂਲਨਿਵਾਸੀ ਭਾਈਚਾਰੇ ਦਾ ਕਤਲੇਆਮ

ਕੀਤਾ ਹੈ ਇਹ ਨਿੰਦਣਯੋਗ ਹੈ। ਇਸ ਮੌਕੇ ਵਨ ਪੰਥ ਦੇ ਮੈਂਬਰ ਹਰਪ੍ਰੀਤ ਸਿੰਘ ਹੰਸਰਾ ਨੇ ਸਥਿਤ ਮੂਲਨਿਵਾਸੀ ਨੂੰ ਜੱਫੀ ਪਾ ਕੇ ਦਿਲਾਸਾ ਦਿੱਤਾ ਅਤੇ ਦੁੱਖ ਵਿੱਚ ਸ਼ਰੀਕ ਹੋਣ ਦੀ ਗੱਲ ਆਖੀ। ਇਸ ਮੌਕੇ ਸਮੁੱਚਾ ਭਾਈਚਾਰਾ ਨਮ ਨੇਤਰਾਂ ਨਾਲ ਮਾਰੇ ਗਏ ਬੱਚਿਆਂ ਨੂੰ ਸ਼ਰਧਾਂਜ਼ਲੀ ਦੇ ਰਿਹਾ ਸੀ। ਉਪਰੰਤ 1984 ਦੇ ਸ਼ਹੀਦਾਂ ਪ੍ਰਤੀ ਸਮਾਗਮ ਦੀ ਸ਼ੁਰੂਆਤ ਹੋਈ।

ਸ੍ਰ ਸੁਖਦੇਵ ਸਿੰਘ (ਅੱਜ ਦੀ ਆਵਾਜ) ਨੇ ਮੁੜ ਪ੍ਰੋਗ੍ਰਾਮ ਨੂੰ ਤਰਤੀਬ ਦਿੱਤੀ। ਸਭ ਤੋਂ ਪਹਿਲਾਂ ਅਮਰਜੀਤ ਸਿੰਘ ਮਾਨ ਨੇ ਸ਼ਹੀਦਾਂ ਨੂੰ ਸ਼ਰਧਾਂਜ਼ਲੀ ਦਿੰਦਿਆਂ ਭਾਰਤ ਸਰਕਾਰ ਨੂੰ ਸਪੱਸ਼ਟ ਕੀਤਾ ਕਿ ਸਿੱਖ ਕੌਮ ਖਾਲਿਸਤਾਨ ਦੀ ਆਜਾਦੀ ਤੱਕ ਜੱਦੋਜਹਿਦ ਜਾਰੀ ਰੱਖਣਗੇ। ਸੁਖਦੇਵ ਸਿੰਘ ਨੇ ਭਾਰਤ ਸਰਕਾਰ ਨੂੰ ਵਾਰ ਕਰਾਈਮ ਦੇ ਦੋਸ਼ੀ ਘੋਸ਼ਿਤ ਕਰਦਿਆਂ ਕੈਨੇਡਾ ਸਰਕਾਰ ਤੋਂ ਮੰਗ ਕੀਤੀ ਕਿ ਭਾਰਤ ਖਿਲਾਫ ਇੰਟਰਨੈਸ਼ਨ ਕ੍ਰਿਮੀਨਲ ਕੋਰਟ

ਵਿੱਚ ਕੇਸ ਦਰਜ ਕੀਤਾ ਜਾਵੇ।

ਸੁਖਮਿੰਦਰ ਸਿੰਘ ਹੰਸਰਾ ਨੇ ਸੰਖੇਪ ਜਿਹੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਅਸੀਂ ਔਟਵਾ ਦੀ ਸਰਜ਼ਮੀ ਤੇ ਖੜ

ਕੇ ਇੱਕ ਵਾਰ ਫੇਰ ਅਹਿਦ ਲੈਂਦੇ ਹਾਂ ਕਿ 1984 ਨੂੰ ਕਦੇ ਨਹੀਂ ਭੁਲਾਂਗੇ। ਸ੍ਰ ਹੰਸਰਾ ਨੇ ਮਾਂਟਰੀਅਲ ਦੀ ਸੰਗਤ ਦਾ ਧੰਨਵਾਦ ਕੀਤਾ ਜੋ ਸੂਬਾਈ ਬਾਰਡਰ ਬੰਦ ਹੋਣ ਦੇ ਬਾਵਜੂਦ ਹੀਲਾ ਵਸੀਲਾ ਕਰਕੇ ਪਾਰਲੀਮੈਂਟ ਤੇ ਇਸ ਸਮਾਗਮ ਵਿੱਚ ਸ਼ਾਮਲ ਹੋਏ। ਤਕਰੀਰਾਂ ਦੌਰਾਨ ਵਾਰ ਵਾਰ ਖਾਲਿਸਤਾਨ ਜ਼ਿੰਦਾਬਾਦ ਦੇ ਨਾਹਰੇ ਕਨੇਡੀਅਨ ਪਾਰਲੀਮੈਂਟ ਦੀਆਂ ਦੀਵਾਰ ਨਾਲ ਟਕਰਾਉਂਦੇ ਔਟਵਾ ਸ਼ਹਿਰ ਦੀਆਂ ਹਵਾਵਾਂ ਵਿੱਚ ਇਨਕਲਾਬੀ ਮਹਿਕਾਂ ਬਖੇਰ ਰਹੇ ਸਨ।

ਇਸ ਮੌਕੇ ਬੁਲਾਰਿਆਂ ਵਿੱਚ ਅਕਾਲੀ ਦਲ ਅੰਮ੍ਰਿਤਸਰ ਕੈਨੇਡਾ ਈਸਟ ਯੂਥ ਦੇ ਪ੍ਰਧਾਨ ਪਰਮਿੰਦਰ ਸਿੰਘ

ਪਾਂਗਲੀ, ਅਕਾਲੀ ਦਲ ਅੰਮ੍ਰਿਤਸਰ ਕੈਨੇਡਾ ਕਿਊਬਿਕ ਸੂਬੇ ਦੇ ਪ੍ਰਧਾਨ ਮਨਵੀਰ ਸਿੰਘ ਮਾਂਟਰੀਅਲ, ਖਾਲਿਸਤਾਨੀ ਆਗੂ ਜਥੇਦਾਰ ਸੰਤੋਖ ਸਿੰਘ ਖੇਲਾ, ਲਾਸਾਲ ਗੁਰਦੁਆਰਾ ਸਾਹਿਬ ਦੇ ਸਾਬਕਾ ਪ੍ਰਧਾਨ ਸੁਰਜੀਤ ਸਿੰਘ ਭਾਊ, ਜਗਦੇਵ ਸਿੰਘ ਤੂਰ, ਗੁਰੁ ਨਾਨਕ ਦਰਬਾਰ ਪਾਰਕ ਐਕਸ ਦੇ ਪ੍ਰਧਾਨ ਮੇਹਰ ਸਿੰਘ, ਅਮਨਦੀਪ ਸਿੰਘ ਬੁੱਟਰ, ਔਟਵਾ ਸਿੱਖ ਸੁਸਾਇਟੀ ਦੇ ਪ੍ਰਧਾਨ ਭਗਤ ਸਿੰਘ ਭੰਡਾਲ, ਖਾਲਿਸਤਾਨੀ ਆਗੂ ਜਥੇਦਾਰ ਚਤਰ ਸਿੰਘ ਸੈਣੀ ਅਤੇ ਵਨ ਪੰਥ ਯੂਥ ਗਰੁੱਪ ਵਲੋਂ ਤਿੰਨ ਬੱਚੀਆਂ ਨੇ ਸਾਂਝੇ ਤੌਰ ਤੇ ਆਪਣੇ ਵਿਚਾਰ ਰੱਖੇ ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| Founder Editor | Jagdish Singh Grewal |
| Managing Director | Parminder Kaur Grewal |
| Contributing Editors | Gyan Singh, |
| Office Admin | Sajandeep Singh |
| Graphic Designer | Angrez Singh |
| Photographer | Kanwaljit Singh Kanwal |
| Distributer | Aman Warraich |
| Marketing: | Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser’s use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal, Co-Host
Iqbal Mahal, Producer & Host
Serving the South Asian Community Since 1976

BEST CANADIAN TRUCK & FORKLIFT TRAINING CENTRE
Registered as a Private Career College Under the Private Career College Act. 2005
Best Canadian Truck & Forklift Training Centre
- AZ Tractor trailer program
- Manual transmission & backup training everyday
- We welcome welfare workers & compensation clients

Open Seven Days
Forklift Re-Certification Only $79.00/-
Karnail Singh
416.670.3173 | 905.799.7333
27 Edvac Dr, Brampton, ON L6S 5X8

ਵਰਕਰਾਂ ਦੀ ਲੋੜ
ਰੈਨੋਵੇਸ਼ਨ ਦੇ ਕੰਮ ਲਈ ਵਰਕਰਾਂ ਦੀ ਲੋੜ ਹੈ। 6 ਦਿਨ ਕੰਮ ਹੋਵੇਗਾ। ਚੰਗੀ ਤਨਖਾਹ ਦਿੱਤੀ ਜਾਵੇਗੀ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਉਤੇ ਸੰਪਰਕ ਕੀਤਾ ਜਾ ਸਕਦਾ ਹੈ।
ਸੰਪਰਕ: 647-205-5909,
416-618-3358

ਵਰਕਰਾਂ ਦੀ ਲੋੜ
ਫਾਰਮ ਅਤੇ ਨਰਸਰੀ ਵਿਚ ਕੰਮ ਕਰਨ ਲਈ ਤੁਰੰਤ ਵਰਕਰਾਂ ਦੀ ਲੋੜ ਹੈ। ਵੈਨ ਚਲਾਉਣ ਲਈ ਡਰਾਇਵਰ ਦੀ ਵੀ ਲੋੜ ਹੈ।
ਸੰਪਰਕ: 647-391-3365

ਜ਼ਰੂਰ ਜਾਣੋ; ਗਿਆਨ ਗੰਗਾ
॥ ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ॥
- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? ‘ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?

ਗਿਆਨ ਗੰਗਾ
ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ। ਹਿੰਦੂ ਮੁਸਲਿਮ ਸਿੱਖ ਇਸਾਈ, ਧਰਮ ਨਹੀਂ ਕੋਈ ਨਿਆਰਾ॥

ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM
Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
जन तंत्र: 7:30 PM - 8:30 PM

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com
satsahibusa@gmail.com
647-739-4641
346-714-0224

KAMAL SANDHU
Sales Representative
647.891.0143
RE/MAX GOLD
realtorkamalsandhu@gmail.com
www.arearealtor.com
Looking For a Nest..? Call the Best



CLOSING IN APRIL 2021
Bedroom 4 | Bathroom 2+1
Size (Sq.Ft.) 2455 | Home Details 42'
EXCLUSIVE FOR SALE IN WOODSTOCK



EXCLUSIVE
JAMES C
CLOSING IN APRIL 2021
Bedroom 4 | Bathroom 2+1
Size (Sq.Ft.) 2250 | Home Details 36'

3+1 bdrms with finished Basement



Kamal Sandhu 647-891-0143
Re/Max Gold Realty Inc Brokerage
Just listed for sale on MLS, 5 Sedgegrass way Brampton
KAMAL SANDHU RE/MAX GOLD REALTY INC BROKERAGE

# ਕਿੱਧਰ ਗਏ ਆਜੜੀ, ਵਾਗੀ ਅਤੇ ਗੱਦੀ ?



ਸਮੇਂ ਦੀ ਤੋਰ ਨਾਲ ਮਨੁੱਖ ਦੇ ਕੰਮ - ਧੰਦੇ ਆਦਿ ਵਿੱਚ ਤਬਦੀਲੀ ਆਉਣਾ ਸੁਭਾਵਿਕ ਹੀ ਹੈ। ਲਗਭਗ ਤਿੰਨ - ਚਾਰ ਦਹਾਕੇ ਪਹਿਲਾਂ ਪਿੰਡਾਂ ਵਿੱਚ ਭੇਡਾਂ , ਬੱਕਰੀਆਂ , ਗਾਵਾਂ , ਮੱਝਾਂ ਆਦਿ ਘਰ - ਘਰ ਪਾਲੀਆਂ ਜਾਂਦੀਆਂ ਸਨ। ਲੋਕ ਇਨ੍ਹਾਂ ਪਸ਼ੂਆਂ ਤੋਂ ਦੁੱਧ , ਘਿਉ , ਉੱਨ ਆਦਿ ਪ੍ਰਾਪਤ ਕਰ ਲੈਂਦੇ ਸੀ। ਉਸ ਸਮੇਂ ਲੋਕ ਦੇਸੀ ਗਾਵਾਂ ਵੀ ਪਾਲਦੇ ਸਨ। ਬਹੁਤੇਰੇ ਲੋਕ ਇਨ੍ਹਾਂ ਪਸ਼ੂਆਂ ਨੂੰ ਪਾਲ ਕੇ ਆਪਣਾ ਗੁਜ਼ਾਰਾ ਕਰ ਲੈਂਦੇ ਸਨ। ਉਦੋਂ ਲੋਕ ਇਨ੍ਹਾਂ ਪਸ਼ੂਆਂ ਨੂੰ ਚਰਾਂਦਾਂ ਆਦਿ ਵਿੱਚ ਚਰਾਉਣ ਦਾ ਪ੍ਰਬੰਧ ਵੀ ਕਰਦੇ ਸਨ। ਉਸ ਸਮੇਂ ਖੁੱਲ੍ਹੀਆਂ - ਡੁੱਲ੍ਹੀਆਂ ਗੈਰ - ਆਬਾਦ ਜ਼ਮੀਨਾਂ ਅਤੇ ਜੰਗਲ - ਬੇਲੇ ਕਾਫ਼ੀ ਹੁੰਦੇ ਸਨ ਤੇ ਖੇਤੀ ਯੋਗ ਭੂਮੀ ਕਾਫੀ ਘੱਟ ਹੁੰਦੀ ਸੀ। ਇਸ ਲਈ ਪਸ਼ੂਆਂ ਆਦਿ ਨੂੰ ਚਰਾਉਣ ਲਈ ਖੁੱਲ੍ਹੀਆਂ ਚਰਾਂਦਾਂ ਹੁੰਦੀਆਂ ਸਨ। ਭੇਡਾਂ , ਬੱਕਰੀਆਂ ਦੇ ਇਕੱਠ ਨੂੰ ਆਮ ਤੌਰ 'ਤੇ ਇੱਜੜ ਕਿਹਾ ਜਾਂਦਾ ਹੈ ਅਤੇ ਇਸ ਇੱਜੜ ਨੂੰ ਚਰਵਾਉਣ ਵਾਲਾ 'ਆਜੜੀ' ਅਖਵਾਉਂਦਾ ਸੀ। ਗਊਆਂ ਦੇ ਇਕੱਠ ਨੂੰ ਵਗ ਕਿਹਾ ਜਾਂਦੈ ਅਤੇ 'ਵਗ' ਨੂੰ ਚਰਾਂਦਾਂ ਆਦਿ ਵਿੱਚ ਚਰਾਉਣ ਵਾਲੇ ਨੂੰ 'ਵਾਗੀ' ਕਿਹਾ ਜਾਂਦਾ ਰਿਹਾ। ਸਾਰੇ ਪਿੰਡ ਦੀਆਂ ਗਊਆਂ ਨੂੰ ਚਰਵਾਉਣ ਲਈ ਵਾਗੀ ਰੱਖੇ ਹੁੰਦੇ ਸਨ ਅਤੇ ਕਈ ਵਾਰ ਉਨ੍ਹਾਂ ਵੱਲੋਂ ਆਪਣੀ ਸਹਾਇਤਾ ਲਈ ਸਹਾਇਕ ਦੇ ਤੌਰ 'ਤੇ ਛੋਟੀ ਉਮਰ ਦੇ ਲੜਕੇ ਵੀ ਰੱਖੇ ਹੁੰਦੇ ਸਨ। ਪਸ਼ੂਆਂ ਨੂੰ ਚਰਵਾਉਣ ਲਈ ਲੈ



ਮਾਸਟਰ ਸੰਜੀਵ ਧਰਮਾਣੀ
9478561356

ਕੇ ਜਾਣ ਸਮੇਂ ਇੱਕ ਥਾਂ ਇਕੱਠਾ ਕਰ ਲਿਆ ਜਾਂਦਾ। ਵਾਗੀ ਅਤੇ ਆਜੜੀ ਆਪਣੇ ਕੋਲ ਇੱਕ ਡੰਡਾ , ਢਾਂਗੀ ਅਤੇ ਪਾਣੀ ਵਾਲਾ ਬਰਤਨ ਜ਼ਰੂਰ ਰੱਖਦੇ ਸਨ। ਢਾਂਗੀ ਭੇਡਾਂ ਅਤੇ ਬੱਕਰੀਆਂ ਲਈ ਰੁੱਖਾਂ ਤੋਂ ਪੱਤੇ ਆਦਿ ਝਾੜਨ ਲਈ ਆਜੜੀਆਂ ਦੇ ਕੰਮ ਆਉਂਦੀ ਹੁੰਦੀ ਸੀ। ਇਹ ਲੋਕ ਦੁਪਹਿਰ ਦੀ ਰੋਟੀ ਆਦਿ ਵੀ ਆਪਣੇ ਨਾਲ ਰੱਖ ਲੈਂਦੇ। ਇਨ੍ਹਾਂ ਆਜੜੀਆਂ ਅਤੇ ਬਾਗੀਆਂ ਦੀ ਪ੍ਰਕ੍ਰਿਤੀ ਬਹੁਤ ਸ਼ਾਂਤ ਸੁਭਾਅ ਦੀ ਅਤੇ ਜੀਵਨ ਬਹੁਤ ਹੀ ਸਾਦਾ ਅਤੇ ਸਿੱਧਾ ਜਿਹਾ ਹੁੰਦਾ ਸੀ। ਮੌਸਮ ਦਾ ਹਰ ਰੰਗ ਆਜੜੀ , ਵਾਗੀ ਤੇ ਗੱਦੀ ਆਪਣੇ ਪਿੰਡੇ 'ਤੇ ਸਹਿੰਦੇ ਸਨ। ਗੱਦੀ ,ਵਾਗੀ ਤੇ ਆਜੜੀ ਲਈ ਸਰਦੀਆਂ ਦੀ ਠੰਢ , ਗਰਮੀਆਂ ਦੀ ਧੁੱਪ ਤੇ ਲੂ ਸਮੱਸਿਆ ਖੜ੍ਹੀ ਕਰਦੇ ਸਨ। ਇਨ੍ਹਾਂ ਦਾ ਕੰਮ ਕਾਫੀ ਔਖਾ ਅਤੇ ਜੋਖਮ ਭਰਿਆ ਹੁੰਦਾ ਸੀ। ਇਹ ਲੋਕ ਪਸ਼ੂਆਂ ਨੂੰ ਚਰਵਾਉਂਦੇ ਹੋਏ ਰਸਤੇ ਵਿੱਚ ਚਾਹ - ਪਾਣੀ ਦੀ ਤਿਆਰੀ ਆਪ ਕਰਕੇ ਉਸ ਦਾ ਪ੍ਰਬੰਧ ਵੀ ਖੁਦ ਹੀ ਕਰ ਲੈਂਦੇ। ਪਹਿਲਾਂ - ਪਹਿਲ ਆਬਾਦ ਜ਼ਮੀਨਾਂ ਵੀ ਕੇਵਲ ਮੀਂਹ ਆਦਿ 'ਤੇ ਹੀ ਨਿਰਭਰ ਸਨ। ਹਿਮਾਚਲ ਪ੍ਰਦੇਸ਼ , ਜੰਮੂ - ਕਸ਼ਮੀਰ ਆਦਿ ਖੇਤਰਾਂ ਵਿੱਚ ਗੱਦੀ ਲੋਕ ਵੀ ਰਹਿੰਦੇ ਹੁੰਦੇ ਸਨ , ਜੋ ਕਿ ਆਪਣੇ ਘਰ ਤੋਂ ਚਰਵਾਉਣ ਲਈ ਜਾਨਵਰਾਂ ਨੂੰ ਲੈ ਕੇ ਜਾਂਦੇ ਅਤੇ ਸਾਲ ਜਾਂ ਛੇ ਮਹੀਨੇ ਘਰ ਤੋਂ ਦੂਰ ਹੀ ਰਹਿੰਦੇ ਸਨ। ਇਹ ਲੋਕ ਭੇਡਾਂ , ਬੱਕਰੀਆਂ ਆਦਿ ਦੇ ਬੱਚਿਆਂ ਨੂੰ ਆਪਣੀ ਪਿੱਠ 'ਤੇ ਚੁੱਕ ਕੇ ਵੀ ਸਫ਼ਰ ਕਰਦੇ ਸਨ। ਇਨ੍ਹਾਂ ਦਾ ਜੀਵਨ ਆਜੜੀ ਅਤੇ ਵਾਗੀਆਂ ਨਾਲੋਂ ਬਹੁਤ ਜ਼ਿਆਦਾ ਕਠਿਨ ਹੁੰਦਾ ਸੀ। ਕਈ ਵਾਰ ਕਿਸੇ ਕਾਰਨ ਵੱਸ ਇਹਨਾਂ ਦੀ ਮ੍ਰਿਤੂ ਹੋ ਜਾਣ ਦਾ ਸਮਾਚਾਰ ਵੀ ਇਨ੍ਹਾਂ ਦੇ ਘਰ ਤੱਕ ਛੇ ਮਹੀਨੇ ਜਾਂ ਸਾਲ ਬਾਅਦ ਹੀ ਪੁੱਜਦਾ ਹੁੰਦਾ ਸੀ। ਇਨ੍ਹਾਂ ਦਾ ਇਹ ਕਿੱਤਾ ਬਹੁਤ ਹੀ ਔਕੜਾਂ ਭਰਿਆ ਹੁੰਦਾ ਸੀ।ਪਹਿਲਾਂ - ਪਹਿਲ ਆਬਾਦ ਜ਼ਮੀਨਾਂ ਵੀ ਕੇਵਲ ਮੀਂਹ 'ਤੇ ਹੀ ਨਿਰਭਰ ਸਨ। ਫਿਰ ਹੌਲੀ - ਹੌਲੀ ਸਮਾਂ ਬਦਲਿਆ ਅਤੇ ਨਹਿਰਾਂ , ਖੂਹਾਂ ਅਤੇ ਮੋਟਰਾਂ ਦੀ ਆਮਦ ਵਧੀ। ਮਸ਼ੀਨੀ ਯੁੱਗ ਦੇ ਆਉਣ ਨਾਲ ਗ਼ੈਰ - ਆਬਾਦ ਜ਼ਮੀਨਾਂ ਘਟ ਗਈਆਂ। ਹੁਣ ਪਿੰਡਾਂ ਵਿੱਚ ਕੋਈ ਵੀ ਸਾਂਝੀ ਥਾਂ ਜਾਂ ਨਿੱਜੀ ਥਾਂ ਗੈਰ - ਆਬਾਦ ਨਹੀਂ ਰਹੀ। ਪਹਿਲਾਂ - ਪਹਿਲ ਵਾਗੀ ਅਤੇ ਆਜੜੀ ਨੂੰ ਸਾਉਣੀ ਜਾਂ ਹਾੜ੍ਹੀ ਦੀ ਫਸਲ ਤਨਖ਼ਾਹ ਦੇ ਰੂਪ ਵਿੱਚ ਦਿੱਤੀ ਜਾਂਦੀ ਸੀ। ਫਿਰ ਹੌਲੀ - ਹੌਲੀ ਇਹ ਪ੍ਰਥਾ ਘਟਦੀ ਗਈ ਤੇ ਪੈਸੇ ਦਿੱਤੇ ਜਾਣ ਲੱਗੇ।ਆਜੜੀ , ਵਾਗੀ ਜਾਂ ਗੱਦੀ ਇਨ੍ਹਾਂ ਦਾ ਕਿੱਤਾ , ਇਨ੍ਹਾਂ ਦਾ ਜੀਵਨ , ਇਨ੍ਹਾਂ ਦਾ ਰਹਿਣ - ਸਹਿਣ ਬਹੁਤ ਹੀ ਸਾਦਾ , ਪਰੰਤੂ ਸਿਦਕ , ਸਿਰੜ ਤੇ ਸਹਿਣਸ਼ੀਲਤਾ ਵਾਲਾ ਹੁੰਦਾ ਸੀ। ਅੱਜ ਵੀ ਹਿਮਾਚਲ - ਪ੍ਰਦੇਸ਼ , ਜੰਮੂ - ਕਸ਼ਮੀਰ , ਲੱਦਾਖ , ਰਾਜਸਥਾਨ ਆਦਿ ਖੇਤਰਾਂ ਵਿੱਚ ਕਿੱਧਰੇ - ਕਿੱਧਰੇ ਵਿਰਲੇ ਦੂਰ - ਦੁਰਾਡੇ ਦੇ ਇਲਾਕਿਆਂ ਵਿੱਚ ਜਾਂ ਵੀਰਾਨ - ਬੀਆਬਾਨਾਂ ਵਿੱਚ ਆਜੜੀ ਤੇ ਵਾਗੀ ਨਜ਼ਰੀਂ ਆਉਂਦੇ ਹਨ। ਹੁਣ ਇਨ੍ਹਾਂ ਦੀਆਂ ਅਗਲੀਆਂ ਪੀੜ੍ਹੀਆਂ ਇਸ ਕਿੱਤੇ ਤੋਂ ਪਾਸਾ ਵੱਟ ਗਈਆਂ ਹਨ ; ਕਿਉਂਕਿ ਗ਼ੈਰ - ਆਬਾਦ ਜ਼ਮੀਨਾਂ ਘਟ ਗਈਆਂ ਹਨ , ਪਸ਼ੂ ਪਾਲਣ ਪ੍ਰਤੀ ਲੋਕਾਂ ਦੀ ਰੁਚੀ ਵੀ ਘਟਦੀ ਜਾ ਰਹੀ ਹੈ , ਇਨ੍ਹਾਂ ਲੋਕਾਂ ਦਾ ਰੁਝਾਨ ਵੀ ਹੋਰ ਕੰਮ - ਧੰਦਿਆਂ ਅਤੇ ਨੌਕਰੀਆਂ ਵੱਲ ਵਧਦਾ ਜਾ ਰਿਹਾ ਹੈ , ਇਸ ਕਿੱਤੇ ਵਿੱਚ ਕਾਫ਼ੀ ਖ਼ਤਰਾ ਹੁੰਦਾ ਹੈ , ਆਮਦਨ ਵੀ ਬਹੁਤੀ ਜ਼ਿਆਦਾ ਨਹੀਂ ਹੁੰਦੀ ਤੇ ਪਸ਼ੂਆਂ - ਜਾਨਵਰਾਂ ਦੇ ਬੱਚਿਆਂ ਜਾਂ ਬੀਮਾਰ ਪਸ਼ੂਆਂ ਨੂੰ ਚੁੱਕ ਕੇ ਲੰਬਾ ਸਮਾਂ ਸਫ਼ਰ ਕਰਨਾ ਪੈਂਦਾ ਹੈ। ਹੁਣ ਪੰਜਾਬ ਦੀ ਧਰਤੀ ਪਹਿਲਾਂ ਨਾਲੋਂ ਆਬਾਦ ਹੋ ਗਈ ਹੈ ਅਤੇ ਜੰਗਲ - ਬੇਲੇ ਵੀ ਪਹਿਲਾਂ ਨਾਲੋਂ ਕੁਝ ਘਟ ਗਏ ਹਨ। ਇਸ ਤੋਂ ਇਲਾਵਾ ਬੱਕਰੀਆਂ , ਭੇਡਾਂ ਆਦਿ ਦੇ ਪਾਲਣ ਦਾ ਰੁਝਾਨ ਵੀ ਲੋਕਾਂ ਵਿੱਚੋਂ ਘਟਦਾ ਜਾ ਰਿਹਾ ਹੈ। ਹੁਣ ਆਜੜੀ , ਵਾਗੀ ਤੇ ਗੱਦੀ ਦਾ ਕਿੱਤਾ ਲਗਭਗ ਖ਼ਤਮ ਹੀ ਹੋ ਗਿਆ ਹੈ।ਅੱਜ ਜਦੋਂ ਕਦੇ ਵੀ ਆਜੜੀ , ਵਾਗ਼ੀ ਜਾਂ ਗੱਦੀ ਅਚਾਨਕ ਕਿੱਧਰੇ ਨਜ਼ਰ ਆ ਜਾਣ ਤਾਂ ਬੀਤੇ ਸਮੇਂ ਦੀ ਯਾਦ ਮਨ - ਮਸਤਕ ਵਿੱਚ ਸੁਭਾਵਿਕ ਹੀ ਆ ਜਾਂਦੀ ਹੈ ਅਤੇ ਮਨ ਇੱਕ ਪ੍ਰਸ਼ਨ ਕਰਦਾ ਹੈ , " ਅੱਜ ਕਿੱਧਰ ਗਏ ਆਜੜੀ , ਵਾਗੀ ਅਤੇ ਗੱਦੀ ? " ਸ਼ਾਇਦ ਨਵੀਂ ਪੀੜ੍ਹੀ ਇਨ੍ਹਾਂ ਸ਼ਬਦਾਂ ਤੋਂ ਹੀ ਅਣਜਾਣ ਹੋਵੇ।

# ਕਿੰਝ ਪੈਦਾ ਕਰੀਏ ਬੱਚਿਆਂ ਅੰਦਰ ਗੁਰਬਾਣੀ ਪ੍ਰਤੀ ਸਨੇਹ



ਪਿਛਲੇ ਦਿਨਾਂ ਵਿੱਚ" ਬੱਚਿਆਂ ਨੂੰ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਜੋੜਨ ਦੀ ਲੋੜ " ਸਿਰਲੇਖ ਹੇਠ ਛਪੇ ਲੇਖ ਨੂੰ ਪੜ੍ਹਣ ਉਪਰੰਤ ਪਾਠਕਾਂ ਦੇ ਬਹੁਤ ਸਾਰੇ ਸੁਨੇਹੇ ਵੱਖਰੇ ਵੱਖਰੇ ਵਿਚਾਰ ਸੁਣਨ ਨੂੰ ਮਿਲੇ। ਜਿਸ ਵਿੱਚ ਵੱਧ ਵਿਚਾਰ ਅਤੇ ਸਵਾਲ ਇਹ ਸੀ ਕਿ ਅੱਜ ਦੇ ਬੱਚਿਆਂ ਵਿੱਚ ਗੁਰਬਾਣੀ ਪ੍ਰਤੀ ਸਨੇਹ ਪੈਦਾ ਕਿਵੇਂ ਕੀਤਾ ਜਾਵੇ?

ਅੱਜ ਦਾ ਯੁੱਗ ਬਹੁਤ ਅਗਾਂਹ ਵਧੂ ਯੁੱਗ ਹੈ। ਹਰ ਖੇਤਰ ਵਿੱਚ ਤਰੱਕੀ ਹੋ ਰਹੀ ਹੈ ਪ੍ਰੰਤੂ ਅਫ਼ਸੋਸ ਇਹ ਹੈ ਕਿ ਅਸੀਂ ਅਗਾਂਹ ਵਧੂ ਸੋਚ ਦੇ ਗਲਤ ਅਰਥ ਸਮਝ ਬੈਠੇ ਹਾਂ। ਅੱਜ ਸਾਡੇ ਲਈ ਅਗਾਂਹ ਵਧੂ ਸੋਚ ਦੀ ਨਿਸ਼ਾਨੀ ਪਹਿਰਾਵੇ ਵਿੱਚ ਪੱਛਮੀ ਸੱਭਿਅਤਾ ਝਲਕਦੀ ਹੋਵੇ, ਵਾਧੂ ਦੀਆਂ ਕਾਸਮੈਟਿਕ ਵਸਤੂਆਂ ਨਾਲ ਸ਼ਿੰਗਾਰਿਆ ਮੁੱਖ, ਅੰਗਰੇਜ਼ੀ ਭਾਸ਼ਾ ਦੀ ਵਧੇਰੇ ਵਰਤੋ, ਟਿਕਟਾਕ ਤੇ ਹੋਰ ਸ਼ੋਸ਼ਲ ਮੀਡੀਆ ਐਪਸ ਦੇ ਜ਼ਰੀਏ ਬੇਤੁਕੀਆਂ ਗੱਲਾਂ ਉੱਤੇ ਹੱਸਣਾ ਅਤੇ ਵੀਡੀਓ ਬਣਾਉਣਾ ਆਦਿ ਹਨ । ਇਸੇ ਸੋਚ ਦੇ ਚੱਲਦਿਆਂ ਅਸੀਂ ਅਧਿਆਤਮਕ ਪੱਖ ਤੋਂ ਬੁਰੀ ਤਰ੍ਹਾਂ ਖੋਖਲੇ ਹੁੰਦੇ ਜਾ ਰਹੇ ਹਾਂ। ਆਪਣੇ ਇਤਹਾਸ ਤੋਂ ਕੋਹਾਂ ਦੂਰ ਆਈ ਜਾ ਰਹੇ ਹਾਂ ਅਤੇ ਗੁਰਬਾਣੀ ਦੇ ਉਪਦੇਸ਼ ਤੋਂ ਪਾਸਾ ਵੱਟ ਰਹੇ ਹਾਂ। ਜੇਕਰ ਮੈਂ ਗਲਤ ਨਾ ਹੋਵਾਂ ਤਾਂ 100 ਬੱਚੇ ਪਿੱਛੇ ਜੇਕਰ ਅਸੀਂ ਸਿੱਖ ਇਤਿਹਾਸ ਅਤੇ ਗੁਰਬਾਣੀ ਨਾਲ ਜੁੜੇ ਬੱਚਿਆਂ ਦੀ ਪਛਾਣ ਕਰਨੀ ਹੋਵੇ ਤਾਂ ਬਹੁਤ ਜੱਦੋ ਜਹਿਦ ਪਿੱਛੋਂ ਕੇਵਲ 10 ਤੋਂ 15 ਬੱਚੇ ਮਿਲਣਗੇ।

ਹੁਣ ਪਾਠਕਾਂ ਦੇ ਸਵਾਲਾਂ ਦੇ ਅਨੁਸਾਰ ਅਜਿਹੇ ਕਿਹੜੇ ਉਪਰਾਲੇ ਕੀਤੇ ਜਾਣ ਜਿਸ ਨਾਲ ਬੱਚਿਆਂ ਅੰਦਰ ਗੁਰਬਾਣੀ ਪ੍ਰਤੀ ਸਨੇਹ ਪੈਦਾ ਕੀਤਾ ਜਾ ਸਕੇ। ਸਭ ਤੋਂ ਪਹਿਲਾਂ ਤਾਂ ਹਰ ਘਰ ਦਾ ਮਾਹੌਲ ਅਜਿਹਾ ਹੋਣਾ ਚਾਹੀਦਾ ਹੈ ਕਿ ਉਸ ਘਰ ਦੇ ਵੱਡੇ ਖੁਦ ਅੰਮ੍ਰਿਤ ਵੇਲੇ ਦੀ ਸੰਭਾਲ ਕਰਦੇ ਹੋਣ। ਸ਼ਾਮ ਨੂੰ ਵੀ ਰਹਿਰਾਸ ਸਾਹਿਬ ਦਾ ਪਾਠ ਹੁੰਦਾ ਹੋਵੇ । ਘਰ ਵਿੱਚ ਬਜ਼ੁਰਗਾਂ ਦੁਆਰਾ ਬੱਚਿਆਂ ਨੂੰ



ਹਰਕੀਰਤ ਕੌਰ
9779118066

ਇਤਹਾਸ ਵਿਚੋਂ ਸਾਖੀਆਂ ਸੁਣਾਈਆਂ ਜਾਣ। ਬੱਚਿਆਂ ਨੂੰ ਅੰਮ੍ਰਿਤ ਵੇਲੇ ਅਤੇ ਗੁਰਬਾਣੀ ਦੀ ਮਹਾਨਤਾ ਤੋਂ ਜਾਣੂ ਕਰਵਾਇਆ ਜਾਵੇ। ਇੱਥੇ ਇੱਕ ਗੱਲ ਬਹੁਤ ਧਿਆਨ ਦੇਣ ਯੋਗ ਹੈ ਕਿ ਬੱਚਿਆਂ ਨੂੰ ਕੱਟੜਤਾ ਦੇ ਨਾਮ ਤੇ ਡਰਾਇਆ ਨਾ ਜਾਵੇ। ਗੁਸਤਾਖੀ ਮੁਆਫ਼ ਪਰ ਮੈ ਕਈ ਕਥਾਵਾਚਕਾਂ ਨੂੰ ਜਾਂ ਬੁਲਾਰਿਆਂ ਨੂੰ ਆਪਣੇ ਬੋਲਾਂ ਦੇ ਰਾਹੀਂ ਪ੍ਰਮਾਤਮਾ ਪ੍ਰਤੀ ਸਨੇਹ ਪੈਦਾ ਕਰਨ ਦੀ ਬਜਾਇ ਇੱਕ ਅਜੀਬ ਡਰ ਪੈਦਾ ਕਰਦਿਆਂ ਸੁਣਿਆ ਹੈ। ਪ੍ਰਮਾਤਮਾ ਦਾ ਨਿਰਮਲ ਭਾਓ ਹੋਣਾ ਜਰੂਰੀ ਹੈ, ਪ੍ਰੰਤੂ ਉਹ ਕਿਸੇ ਨੂੰ ਡਰਾਉਂਦਾ ਨਹੀਂ ਹੈ। ਅਜਿਹੀਆਂ ਗੱਲਾਂ ਦੇ ਚੱਲਦੇ ਬਹੁਤ ਸਾਰੇ ਬੱਚੇ ਅਧਿਆਤਮਕ ਪੱਖ ਤੋਂ ਪੱਛੜੇ ਹੀ ਰਹਿ ਜਾਂਦੇ ਹਨ। ਸੋ ਇਸ ਗੱਲ ਦਾ ਬਹੁਤ ਖਾਸ ਧਿਆਨ ਰੱਖਿਆ ਜਾਵੇ ਕਿ ਸਾਡਾ ਸਭ ਤੋਂ ਪਹਿਲਾ ਯਤਨ ਬੱਚਿਆਂ ਵਿੱਚ ਗੁਰਬਾਣੀ ਪ੍ਰਤੀ ਸਨੇਹ ਪੈਦਾ ਕਰਨਾ ਹੈ ਨਾ ਕਿ ਬੱਚਿਆਂ ਨੂੰ ਡਰਾਉਣਾ ਜਾਂ ਕੱਟੜ ਬਣਾਉਣਾ।

ਦੂਸਰਾ ਹੀਲਾ ਇਹ ਹੋ ਸਕਦਾ ਹੈ ਕਿ ਜਿਸ ਵੀ ਸਕੂਲ ਵਿੱਚ ਤੁਸੀਂ ਆਪਣੇ ਬੱਚੇ ਨੂੰ ਪੜ੍ਹਨ ਲਈ ਭੇਜ ਰਹੇ ਹੋ, ਯਕੀਨੀ ਬਣਾਓ ਕਿ ਉਸ ਸਕੂਲ ਵਿੱਚ ਧਾਰਮਿਕ ਸਿੱਖਿਆ ਦਾ ਇੱਕ ਲਾਜ਼ਮੀ ਵਿਸ਼ਾ ਹੋਵੇ। ਜੇਕਰ ਸਕੂਲ ਵਿੱਚ ਵਿਸ਼ਾ ਨਹੀਂ ਹੈ ਤਾਂ ਧਾਰਮਿਕ ਸਿੱਖਿਆ ਦੇ ਵਿਸ਼ੇ ਨੂੰ ਪੜਾਉਣ ਦੀ ਮੰਗ ਕੀਤੀ ਜਾਵੇ। ਇਸ ਤੋਂ ਇਲਾਵਾ ਸਕੂਲਾਂ ਵਿੱਚ ਜਿੱਥੇ ਹੋਰ ਸੱਭਿਆਚਾਰਕ ਗਤੀਵਿਧੀਆਂ ਹੁੰਦੀਆਂ ਹਨ ਉੱਥੇ ਗੁਰਮਤਿ ਨਾਲ ਸੰਬੰਧਿਤ ਪ੍ਰੋਗਰਾਮ ਉਲੀਕੇ ਜਾਣ, ਗੁਰਬਾਣੀ ਕੰਠ ਅਤੇ ਇਤਹਾਸ ਨਾਲ ਸੰਬੰਧਿਤ ਹੋਰ ਗੁਰਮਤਿ ਮੁਕਾਬਲੇ ਕਰਵਾਏ ਜਾਣ। ਮੈਨੂੰ ਲੱਗਦਾ ਹੈ ਕਿ ਜੇਕਰ ਅਸੀਂ ਇਸ ਗੱਲ ਵੱਲ ਗੌਰ ਫਰਮਾਈਏ ਤਾਂ ਇਹ ਸਭ ਤੋਂ ਅਸਾਨ ਅਤੇ ਪ੍ਰਭਾਵਪੂਰਵਕ ਤਰੀਕਾ ਹੋਵੇਗਾ, ਬੱਚਿਆਂ ਨੂੰ ਸਿੱਖ ਇਤਹਾਸ ਨਾਲ ਜੋੜਨ ਦਾ।

ਤੀਸਰਾ ਪੱਖ ਇਹ ਰੱਖਣਾ ਚਾਹਾਂਗੀ ਕਿ ਜਦੋਂ ਪਰਿਵਾਰ ਸਮੇਤ ਗੁਰੂਧਾਮਾਂ ਦੇ ਦਰਸ਼ਨਾਂ ਲਈ ਜਾਂਦੇ ਹੋ ਤਾਂ ਉਸ ਸਮੇਂ ਕੇਵਲ ਸੈਲਫੀਆਂ ਜਾਂ ਫੋਟੋਆਂ ਖਿੱਚਣ ਵੱਲ ਹੀ ਨਾ ਕੇਂਦਰਿਤ ਰਹੀਏ, ਉਸ ਸਮੇਂ ਬੱਚਿਆਂ ਨੂੰ ਉਸ ਗੁਰਧਾਮ ਦੀ ਇਤਿਹਾਸਿਕ ਜਾਣਕਾਰੀ ਵੀ ਦਿੱਤੀ ਜਾਵੇ । ਇਹ ਸਾਡੀ ਬਦਕਿਸਮਤੀ ਹੈ ਕਿ ਅਸੀਂ ਗੁਰਧਾਮਾਂ ਨੂੰ ਵੀ ਇੱਕ ਪਿਕਨਿਕ ਸਪਾਟ ਬਣਾ ਦਿੱਤਾ ਹੈ । ਮਾਪਿਆਂ ਨੂੰ ਇਸ ਗੱਲ ਵੱਲ ਖਾਸ ਧਿਆਨ ਦੇਣ ਦੀ ਜਰੂਰਤ ਹੈ।

ਬੱਚਿਆਂ ਵਿੱਚ ਗੁਰਬਾਣੀ ਪ੍ਰਤੀ ਸਨੇਹ ਪੈਦਾ ਕਰਨ ਲਈ ਬੱਚਿਆਂ ਨੂੰ ਸਮੇਂ ਸਮੇਂ ਤੇ ਛੋਟੇ ਮੋਟੇ ਤੋਹਫੇ ਵੀ ਦਿੱਤੇ ਜਾ ਸਕਦੇ ਹਨ, ਬੱਚਿਆਂ ਦੀ ਹੌਸਲਾ ਅਫਜਾਈ ਲਈ ਉਹਨਾਂ ਨੂੰ ਵੱਖ ਵੱਖ ਤਰੀਕਿਆਂ ਨਾਲ ਹੱਲਾਸ਼ੇਰੀ ਦਿੰਦੇ ਰਹੋ, ਬੱਚਿਆਂ ਦੇ ਮਨ ਬਹੁਤ ਕੋਮਲ ਹੁੰਦੇ ਹਨ ਮਾਪਿਆਂ ਦੁਆਰਾ ਕੀਤੀ ਰਤਾ ਜਿੰਨੀ ਤਾਰੀਫ਼ ਬੱਚੇ ਦੀ ਹੌਸਲਾ ਅਫਜਾਈ ਕਰਦੀ ਹੈਂ ਅਤੇ ਉਸਨੂੰ ਅਹਿਸ-ਾਸ ਕਰਵਾਉਂਦੀ ਹੈ ਕਿ ਉਹ ਕਿਸੇ ਚੰਗੇ ਰਸਤੇ ਤੇ ਜਾ ਰਹੇ ਹਨ।

ਇਹ ਕੁਝ ਬਹੁਤ ਹੀ ਨਿੱਕੇ ਨਿੱਕੇ ਉਪਰਾਲੇ ਹਨ, ਜਿੰਨਾ ਦੀ ਮਦਦ ਨਾਲ ਅਸੀਂ ਬੱਚਿਆਂ ਨੂੰ ਬਹੁਤ ਵੱਡੇ ਪੱਧਰ ਤੇ ਗੁਰਮਤਿ ਨਾਲ ਜੋੜ ਸਕਦੇ ਹਾਂ। ਇਹ ਹਰ ਮਾਪੇ ਦਾ ਫਰਜ਼ ਹੈ ਕਿ ਉਹ ਆਪਣੀ ਕੌਮ ਪ੍ਰਤੀ ਜਿੰਮੇਵਾਰੀ ਨੂੰ ਸਮਝਦੇ ਹੋਏ, ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਦੇ ਵੱਖਰੇ ਵੱਖਰੇ ਹੀਲੇ ਕਰਨ। ਅੱਜ ਦੇ ਬੱਚੇ ਸਾਡੀ ਕੌਮ ਦਾ ਭਵਿੱਖ ਹਨ। ਜੇਕਰ ਅੱਜ ਅਸੀਂ ਇਸਨੂੰ ਅਵੇਸਲੇ ਹੋ ਨਾ ਸਾਂਭ ਸਕੇ ਤਾਂ ਆਉਣ ਵਾਲੇ ਸਮੇਂ ਵਿੱਚ ਅਸੀਂ ਆਪਣੀ ਕੌਮ ਦੇ ਕਰਜ਼ਦਾਰ ਹੋਵਾਂਗੇ।

ਮਾਪਿਆਂ, ਅਧਿਆਪਕਾਂ ਤੇ ਧਰਮ ਪ੍ਰਚਾਰਕਾਂ ਨੂੰ ਮਿਲ ਕੇ ਹੰਭਲਾ ਮਾਰ ਆਪਣੀ ਅਗਲੇਰੀ ਪੀੜੀ ਸਾਂਭਣ ਤੇ ਜ਼ੋਰ ਦੇਣਾ ਚਾਹੀਦਾ ਹੈ ਤਾਂ ਜੋ ਸਮਾਜ ਅਤੇ ਕੌਮ ਨੂੰ ਸਮਝਦਾਰ ਤੇ ਸੁਲਝੇ ਹੋਏ ਵਾਰਿਸ ਮਿਲ ਸਕਣ।

Century 21
President Realty Inc
Brokerage*
Independently Owned and Operated.

Jagdish Grewal
Sales Repersentative

Call Now: (416)-970-5005
Email: Jagdish@grewalhomes.com

ਓਂਟਾਰੀਓ ਦੇ ਕਿਸੇ ਵੀ ਸ਼ਹਿਰ ਵਿਚ ਪ੍ਰਾਪਰਟੀ ਖਰੀਦਣ ਲਈ ਕਾਲ ਕਰੋ



Brampton


Main & Vodden
2+1 ਬੈੱਡਰੂਮ ਬੰਗਲੋ 40x125 Sqft ਗੋ ਟਰਾਂਸਿਟ ਅਤੇ ਸਕੂਲ ਵਾਕਿੰਗ ਡਿਸਟੈਂਸ ਤੇ,ਅਤੇ ਹੋਰ ਵੀ ਬਹੁਤ ਸਾਰੀਆਂ ਸਹੂਲਤਾਂ ਦੇ ਨੇੜੇ !
ਕੀਮਤ $599,900

Brampton


Bramalea And Avondale
3 + 1 ਬੈੱਡਰੂਮ ਘਰ ਦੇ ਵਿਚਕਾਰ ਬਿਲਟ ਇਨ ਫੈਮਿਲੀ ਸਾਈਜ ਕਿਚਨ ਅਪਗ੍ਰੇਡ ਤੇ ਹਜਾਰਾਂ ਡਾਲਰ ਖਰਚ ਕੀਤੇ ਹੋਏ ,ਸਕੂਲ , ਸ਼ੋਪਿੰਗ ਮਾਲ ਅਤੇ ਬੱਸ ਸਰਵਿਸ ਦੇ ਨੇੜੇ !
ਕੀਮਤ $ 859,900

Shelburne


Hwy 10/ Col Phillip
4+1 ਬੈੱਡਰੂਮ,2800 sqft. ਡਬਲ ਡੋਰ ਐਂਟਰੀ ,ਵੱਖਰੇ ਲਿਵਿੰਗ ਰੂਮ & ਫੈਮਿਲੀ ਰੂਮ ,ਮੀਡਿਆ ਰੂਮ, ਅਪਗ੍ਰੇਡ ਲਾਈਟ ਫਿਕਸਚਰ !
ਕੀਮਤ $ 899,000

Missisauga


Mavis & Derry
3 +2 ਬੈੱਡਰੂਮ ਘਰ ਵੱਖਰੀ ਐਂਟਰੈਸ ਵਾਲੀ ਬਣੀ ਹੋਈ ਬੇਸਮੈਂਟ,ਵਾਕਆਊਟ ਵੱਡਾ ਯਾਰਡ ,ਨਵੀ ਕਿਚਨ, ਸਕੂਲ , ਸ਼ੋਪਿੰਗ ਮਾਲ ਅਤੇ ਬੱਸ ਸਰਵਿਸ ਦੇ ਨੇੜੇ !
ਕੀਮਤ $ 980,000

Brampton


Wanless Dr/ Van Kirk Dr
4+ 2 ਬੈੱਡਰੂਮ detached ਘਰ, 3500 sqft.,ਵਾਕਆਉਟ ਬੇਸਮੈਂਟ,ਸੈਪਰੇਟ ਲਿਵਿੰਗ ਰੂਮ ,ਫੋਰਮਲ ਡਾਈਨਿੰਗ ਰੂਮ, ਫੈਮਿਲੀ ਰੂਮਅਤੇ ਫਾਇਰਪ੍ਲੇਸ, ਗਰੇਨਾਇਟ ਕਾਊਂਟਰ,ਨਵਾਂ ਰੰਗ ਕੀਤਾ ਹੋਇਆ,
ਕੀਮਤ $ 1,299,900.

Buying / Selling / Investing In Real Estate

Free Market Evaluation

For More Listings Contact Now !!


(416) 970-5005

www.vipcondonetwork.com

80 Maritime Ontario Blvd #246 Brampton , ON, L6S 0E7 Call:905-488-2100 Fax: 905-488-2102



# ਭਾਜਪਾ ਨੇਤਾ ਜਿਆਣੀ ਉਤੇ ਕਿਸਾਨ ਦੀ ਜ਼ਮੀਨ ਹੜੱਪਣ ਦਾ ਦੋਸ਼



ਫਾਜ਼ਿਲਕਾ, 15 ਜੂਨ (ਪੋਸਟ ਬਿਊਰੋ)- ਇੱਥੋਂ ਨੇੜਲੇ ਪਿੰਡ ਆਜਮਵਾਲਾ ਵਿੱਚ ਕੱਲ੍ਹ ਕਿਸਾਨ ਜਥੇਬੰਦੀਆਂ ਨੇ ਮਿਲ ਕੇ ਸਾਬਕਾ ਮੰਤਰੀ ਸੁਰਜੀਤ ਕੁਮਾਰ ਜਿਆਣੀ ਉੱਤੇ ਕਬਜ਼ਾ ਕਰਨ ਦਾ ਦੋਸ਼ ਲਾ ਕੇ ਟਰੈਕਟਰ ਨਾਲ ਖੇਤ ਵਾਹੁਣ ਆਏ ਉਸ ਦੇ ਡਰਾਈਵਰ ਨੂੰ ਘੇਰ ਲਿਆ ਅਤੇ ਭਾਜਪਾ ਨੇਤਾ ਜਿਆਣੀ ਦੇ ਖਿਲਾਫ ਨਾਅਰੇਬਾਜ਼ੀ ਕੀਤੀ।

ਪੀੜਤ ਕਿਸਾਨ ਸੁਰਜੀਤ ਸਿੰਘ ਨੇ ਦੱਸਿਆ ਕਿ ਉਹ ਸਾਲ 1975 ਤੋਂ ਕਰੀਬ14 ਕਿੱਲੇ (111 ਕਨਾਲ) ਜ਼ਮੀਨ ਦੇ ਮਾਲਕ ਸਨ, ਪਰ ਸੁਰਜੀਤ ਕੁਮਾਰ ਜਿਆਣੀ ਨੇ ਮੰਤਰੀ ਬਣਨ ਪਿੱਛੋਂ ਸਾਲ 2016 ਵਿੱਚ ਜਾਅਲੀ ਕਾਗਜ਼ ਬਣਾ ਕੇ ਉਨ੍ਹਾਂ ਦੀ ਜ਼ਮੀਨ ਧੋਖੇ ਨਾਲ ਆਪਣੇ ਨਾਂਅ ਕਰਵਾ ਲਈ। ਸੁਰਜੀਤ ਸਿੰਘ ਨੇ ਦੱਸਿਆ ਕਿ ਭਾਜਪਾ ਮੰਤਰੀ ਦੇ ਨਾਲ ਪੁਲਸ ਦੀ ਮਿਲੀਭੁਗਤ ਹੋਣ ਕਰ ਕੇ ਮਾਲਕੀ ਹੋਣ ਦੇ ਬਾਵਜੂਦ ਉਹ ਆਪਣੀ ਜ਼ਮੀਨ ਵਿੱਚ ਨਹੀਂ ਵੜ ਸਕਦੇ। ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਪਰਗਟ ਸਿੰਘ ਨੇ ਕਿਹਾ ਕਿ ਜ਼ਮੀਨ ਦਾ ਵਿਵਾਦ ਕਾਫੀ ਪੁਰਾਣਾ ਹੈ ਤੇ ਕਿਸੇ ਕੀਮਤ ਉੱਤੇ ਕਿਸਾਨ ਦੀ ਜ਼ਮੀਨ ਉੱਤੇ ਕਬਜ਼ਾ ਨਹੀਂ ਹੋਣ ਦਿੱਤਾ ਜਾਵੇਗਾ।ਕਿਸਾਨ ਸੁਰਜੀਤ ਸਿੰਘ ਤੇ ਕਿਸਾਨ ਸੰਗਠਨਾਂ ਵੱਲੋਂ ਲਾਏ ਦੋਸ਼ਾਂ ਨੂੰ ਰੱਦ ਕਰਦਿਆਂ ਸਾਬਕਾ ਭਾਜਪਾ ਮੰਤਰੀ ਸੁਰਜੀਤ ਕੁਮਾਰ ਜਿਆਣੀ ਨੇ ਕਿਹਾ ਕਿ ਇਹ ਜ਼ਮੀਨ ਉਨ੍ਹਾਂ ਦੀ ਨਹੀਂ, ਉਨ੍ਹਾਂ ਦੀ ਰਿਸ਼ਤੇਦਾਰੀ ਵਿੱਚੋਂ ਲੱਗਦੇ ਸਾਂਢੂ ਦੀ ਹੈ, ਜੋ ਪਿਛਲੇ ਦਸ ਸਾਲਾਂ ਤੋਂ ਇਸ ਜ਼ਮੀਨ ਉੱਤੇ ਖੇਤੀ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਝੰਡੇ ਦੇਪਰਦੇ ਹੇਠ ਇਹ ਲੋਕ ਆਪਣੀ ਧੌਂਸ ਜਮਾ ਰਹੇ ਹਨ।

# ਮੋਦੀ ਸਰਕਾਰ ਨੇ ਖੇਤੀ ਸਬਸਿਡੀਆਂ ਖ਼ਤਮ ਕਰਨ ਦੀ ਨਵੀਂ ਚਾਲ ਚੱਲੀ



ਚੰਡੀਗੜ੍ਹ, 15 ਜੂਨ (ਪੋਸਟ ਬਿਊਰੋ)- ਭਾਰਤ ਦੀ ਨਰਿੰਦਰ ਮੋਦੀ ਸਰਕਾਰ ਬੇਸ਼ਕ ਖੇਤੀ ਸਬਸਿਡੀਆਂ ਖ਼ਤਮ ਕਰਨ ਦਾ ਬਿਜਲੀ ਬਿੱਲ 2020 ਕਿਸਾਨ ਅੰਦੋਲਨ ਦੇ ਵਿਰੋਧ ਕਾਰਨ ਅੱਗੇ ਨਹੀਂ ਸੀ ਵਧਾ ਸਕੀ, ਪਰ ਉਸ ਨੇ ਕਿਸਾਨਾਂ ਦੀ ਖੇਤੀ ਸਬਸਿਡੀ ਖ਼ਤਮ ਕਰਨ ਲਈ ਇੱਕ ਹੋਰ ਪੈਂਤੜਾ ਲਿਆ ਅਤੇ ਇਸ ਵਾਰ ਰਾਜਾਂ ਨੂੰ ਲਾਲਚ ਦਿੱਤਾ ਹੈ।

ਇਸ ਸੰਬੰਧ ਵਿੱਚ ਰਾਜਾਂ ਨੂੰ ਪੱਤਰ ਲਿਖ ਕੇ ਕੇਂਦਰ ਸਰਕਾਰ ਨੇ ਨਵੀਂ ਯੋਜਨਾ ਤਹਿਤ 'ਖੇਤੀ ਸਬਸਿਡੀ ਘਟਾਉ, ਵੱਧ ਕਰਜ਼ਾ ਪ੍ਰਾਪਤ ਕਰੋ' ਦੀ ਪੇਸ਼ਕਸ਼ ਕੀਤੀ ਹੈ। ਪੰਜਾਬ ਸਰਕਾਰ ਨੂੰ ਵੀ ਏਦਾਂ ਦਾ ਪੱਤਰ ਲਿਖਿਆ ਹੈ।ਇਸ ਵਿੱਚ ਕਿਹਾ ਗਿਆ ਹੈ ਕਿ ਜਿਹੜਾ ਰਾਜ ਪੂਰੀ ਖੇਤੀ ਸਬਸਿਡੀ ਖ਼ਤਮ ਕਰੇਗਾ, ਉਸ ਨੂੰ ਹੋਰ ਜ਼ਿਆਦਾ ਕਰਜ਼ਾ ਮਿਲ ਸਕੇਗਾ। ਖੇਤੀ ਸਬਸਿਡੀ ਘਟਾਉਣ ਨਾਲ ਖੇਤੀ ਟਿਊਬਵੈੱਲਾਂ ਉੱਤੇ ਮੀਟਰ ਲਾਉਣ ਤੇ ਸਬਸਿਡੀ ਦਾ ਪੈਸਾ ਸਿੱਧਾ ਕਿਸਾਨ ਦੇ ਖਾਤੇ ਵਿੱਚ ਪਾਉਣ ਦਾ ਸੁਝਾਅ ਵੀ ਰਾਜਾਂ ਨੂੰ ਦਿੱਤਾ ਗਿਆ ਹੈ। ਪੰਜਾਬ ਨੂੰ ਇਸ ਯੋਜਨਾ ਹੇਠ ਜੀ ਡੀ ਐਸ ਪੀ ਦੀ ਦਰ ਵਾਲੇ ਹਿਸਾਬ ਨਾਲ 32000 ਕਰੋੜ ਰੁਪਏ ਕਰਜ਼ਾ ਮਿਲ ਸਕਦਾ ਹੈ, ਪਰ ਪੰਜਾਬ ਇਸ ਤੋਂ ਵੱਧ ਤਿੰਨ ਗੁਣਾ ਰਾਸ਼ੀ ਕਿਸਾਨਾਂ ਨੂੰ ਮੁਫ਼ਤ ਬਿਜਲੀ ਵਾਸਤੇ ਦੇ ਰਿਹਾ ਹੈ, ਜਿਸ ਤੋਂ ਉਹ ਪਿੱਛੇ ਨਹੀਂ ਹਟ ਸਕਦਾ।

ਦੂਸਰੇ ਪਾਸੇ ਕੇਂਦਰ ਸਰਕਾਰ ਦੇ ਨਵੇਂ ਫ਼ਰਮਾਨ ਵਿਰੁੱਧ ਕਿਸਾਨ ਜਥੇਬੰਦੀਆਂ ਵਿੱਚ ਰੋਸ ਫੈਲ ਗਿਆ ਹੈ। ਸੰਯੁਕਤ ਕਿਸਾਨ ਮੋਰਚੇ ਨੇ ਇਸ ਬਾਰੇ ਦਿੱਤੀ ਪ੍ਰਤੀਕਿਰਿਆ ਵਿੱਚ ਕਿਹਾ ਹੈ ਕਿ ਕੇਂਦਰ ਸਰਕਾਰ ਕਿਸਾਨਾਂ ਦੀਆਂ ਸਬਸਿਡੀਆਂ ਖ਼ਤਮ ਕਰਨ ਲਈ ਲੁਕਵੀਆਂ ਚਾਲਾਂ ਚੱਲ ਰਹੀ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂਆਂ ਬਲਬੀਰ ਸਿੰਘ ਰਾਜੇਵਾਲ, ਡਾ. ਦਰਸ਼ਨਪਾਲ, ਗੁਰਨਾਮ ਸਿੰਘ ਚੜੂੰਨੀ, ਜਗਜੀਤ ਸਿੰਘ ਡੱਲੇਵਾਲ, ਜੋਗਿੰਦਰ ਸਿੰਘ ਉਗਰਾਹਾਂ, ਸ਼ਿਵ ਕੁਮਾਰ ਸ਼ਰਮਾ ਕੱਕਾਜੀ, ਯੁੱਧਵੀਰ ਸਿੰਘ, ਯੋਗੇਂਦਰ ਯਾਦਵ, ਅਭਿਮਨਿਊ ਕੋਹਾੜ ਅਤੇਹਨਨ ਮੌਲਾ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਵਿੱਤ ਮੰਤਰਾਲੇ ਨੇ ਉਨ੍ਹਾਂ ਰਾਜਾਂ ਉੱਤੇ ਸ਼ਰਤਾਂ ਠੋਸੀਆਂ ਹਨ, ਜਿਹੜੇ ਖੇਤੀਬਾੜੀ ਤੇ ਕਿਸਾਨਾਂ ਨੂੰ ਬਿਜਲੀ ਸਬਸਿਡੀਆਂ ਦੇ ਰਹੇ ਹਨ। ਇਸ ਨੀਤੀ ਨੇ ਰਾਜਾਂ ਦੀਆਂ ਸਰਕਾਰਾਂ ਨੂੰ ਖੇਤੀਬਾੜੀ ਸਮੇਤ ਕੁਝ ਸ਼ਰਤਾਂ ਅਤੇ ਕਾਰਗੁਜ਼ਾਰੀ ਦੇ ਆਧਾਰ ਉੱਤੇ ਵਾਧੂ ਉਧਾਰ ਦੇਣ ਦੀ ਪੇਸ਼ਕਸ਼ ਕੀਤੀ ਹੈ। ਸਕੋਰਿੰਗ ਪ੍ਰਣਾਲੀ ਵਿੱਚ ਉਨ੍ਹਾਂ ਰਾਜਾਂ ਨੂੰ ਵਧੇਰੇ ਪੁਆਇੰਟ ਦੇਣਾ ਸ਼ਾਮਲ ਹੈ, ਜਿਨ੍ਹਾਂ ਕੋਲ ਖੇਤੀਬਾੜੀ ਕੁਨੈਕਸ਼ਨਾਂ ਲਈ ਬਿਜਲੀ ਸਬਸਿਡੀ ਨਹੀਂ।

ਕੇਂਦਰ ਸਰਕਾਰ ਦੇ ਬਿਜਲੀ ਸੋਧ ਬਿੱਲ 2020 ਦੇ ਡਰਾਫ਼ਟ ਵਿੱਚ ਸਬਸਿਡੀਆਂ ਖ਼ਤਮ ਕਰਨ ਦੀਆਂ ਅਜਿਹੀਆਂ ਤਜਵੀਜ਼ਾਂ ਹਨ। ਖੇਤੀ ਸਬਸਿਡੀ ਦੇ ਖ਼ਾਤਮੇ ਦਾ ਨਵਾਂ ਤਾਣਾ ਬੁਣਿਆ ਗਿਆ ਹੈ। ਕੇਂਦਰ ਸਰਕਾਰ ਨੇ ਬਿਜਲੀ ਸੋਧ ਬਿੱਲ-2020 ਦਾ ਮੰਤਵ ਪੂਰਾ ਕਰਨ ਲਈ ਇਹ ਤਾਜ਼ਾ ਚਾਲ ਚੱਲੀ ਹੈ।

# ਤਿੰਨ ਲੱਖ ਰੁਪਏ ਦੀ ਜਾਅਲੀ ਕਰੰਸੀ ਸਣੇ ਤਿੰਨ ਦੋਸ਼ੀ ਕਾਬੂ




ਖੰਨਾ, 15 ਜੂਨ (ਪੋਸਟ ਬਿਊਰੋ)- ਭਾਰਤ ਦੀ ਨਕਲੀ ਕਰੰਸੀ ਛਾਪਣ ਅਤੇ ਸਪਲਾਈ ਕਰਨ ਦੇ ਦੋਸ਼ ਵਿੱਚ ਖੰਨਾ ਪੁਲਸ ਨੇ ਤਿੰਨ ਜਣਿਆਂ ਨੂੰ ਕਾਬੂ ਕੀਤਾ ਹੈ। ਮੁਲਜ਼ਮ ਆਪਣੇ ਆਪ ਨੋਟ ਛਾਪ ਕੇ ਸਪਲਾਈ ਕਰ ਰਹੇ ਸਨ। ਇਨ੍ਹਾਂ ਅਨਸਰਾਂ ਕੋਲੋਂ ਨੋਟ ਛਾਪਣ ਦਾ ਸਾਮਾਨ ਅਤੇ ਨਕਲੀ ਕਰੰਸੀ ਬਰਾਮਦ ਕੀਤੀ ਗਈ ਹੈ।

ਡੀ ਐਸ ਪੀ ਖੰਨਾ ਰਾਜਨ ਪਰਮਿੰਦਰ ਸਿੰਘ ਅਤੇ ਡੀ ਐਸ ਪੀ (ਆਈ) ਮਨਮੋਹਨ ਸਰਨਾ ਨੇ ਪ੍ਰੈਸ ਕਾਨਫਰੰਸ ਵਿੱਚ ਦੱਸਿਆ ਕਿ ਗੁਪਤ ਸੂਚਨਾ ਉੱਤੇ ਪੁਲਸ ਨੇ ਮਿਲਟਰੀ ਗਰਾਊਂਡ ਖੰਨੇ ਤੋਂ ਤਿੰਨ ਜਣਿਆਂ ਨੂੰ ਫੜਿਆ, ਜਿਨ੍ਹਾਂ ਕੋਲੋਂ ਤਿੰਨ ਲੱਖ ਚਾਰ ਹਜ਼ਾਰ ਰੁਪਏ ਦੀ ਜਾਅਲੀ ਕਰੰਸੀ ਮਿਲੀ ਹੈ। ਦੋਸ਼ੀਆਂ ਦੀ ਪਛਾਣ ਆਸ਼ੂ ਪੁੱਤਰ ਦਵਿੰਦਰ ਸਿੰਘ ਵਾਸੀ ਵਾਰਡ ਨੰਬਰ 16, ਕ੍ਰਿਸ਼ਨਾ ਨੰਗਰ ਖੰਨਾ, ਮਨਦੀਪ ਸਿੰਘ ਮਨੀ ਪੁੱਤਰ ਭੋਲਾ ਵਾਸੀ ਬਸੰਤ ਨਗਰ ਖੰਨਾ ਤੇ ਵਿਕਾਸ ਵਿੱਕੀ ਵਾਸੀ ਵਾਰਡ 20 ਉਤਮ ਨਗਰ ਖੰਨਾ ਵਜੋਂ ਹੋਈ ਹੈ। ਦੋਵੇਂ ਡੀ ਐਸ ਪੀਜ਼ ਨੇ ਦੱਸਿਆ ਕਿ ਦੋਸ਼ੀ ਕਿਰਾਏ ਦਾ ਮਕਾਨ ਲੈ ਕੇ ਉਥੇ ਨੋਟ ਛਾਪਦੇ ਸਨ। ਉਹ ਸਕੈਨਰ ਅਤੇ ਪ੍ਰਿੰਟਰ ਦੀ ਵਰਤੋਂ ਕਰਦੇ ਸਨ। ਪੁਲਸ ਨੂੰ ਸੂਚਨਾ ਮਿਲੀ ਸੀ ਕਿ ਮਿਲਟਰੀ ਗਰਾਊਂਡ ਦੇ ਮੰਦਰ ਕੋਲ ਉਹ ਲੋਕ ਜਾਅਲੀ ਨੋਟ ਲੈ ਕੇ ਗਾਹਕ ਦੀ ਉਡੀਕ ਕਰ ਰਹੇ ਹਨ, ਜਦੋਂ ਪੁਲਸ ਨੇ ਉਨ੍ਹਾਂ ਨੂੰ ਕਾਬੂ ਕਰ ਕੇ ਜਾਅਲੀ ਕਰੰਸੀ ਬਰਾਮਦ ਕਰ ਲਈ। ਦੋਸ਼ੀ ਪਿਛਲੇ ਛੇ ਮਹੀਨਿਆਂ ਤੋਂ ਜਾਅਲੀ ਨੋਟ ਛਾਪ ਰਹੇ ਸਨ। ਪੁਲਸ ਇਹ ਛਾਣਬੀਣ ਕਰ ਰਹੀ ਹੈ ਕਿ ਇਸ ਗਿਰੋਹ ਵਿੱਚ ਹੋਰ ਕਿਹੜੇ-ਕਿਹੜੇ ਅਨਸਰ ਸ਼ਾਮਲ ਹਨ।

# ਸਪੀਡ ਪੋਸਟ ਰਾਹੀਂ ਵੀ ਲੋਕ 'ਅਸਥੀਆਂ ਪ੍ਰਵਾਹ' ਕਰਵਾ ਸਕਣਗੇ

ਅੰਮ੍ਰਿਤਸਰ, 15 ਜੂਨ (ਪੋਸਟ ਬਿਊਰੋ)- ਕੋਰੋਨਾ ਮਹਾਮਾਰੀ ਦੇ ਸੰਕਟ ਦੌਰਾਨ ਮਰੇ ਲੋਕਾਂ ਦੀਆਂ ਅਸਥੀਆਂ ਨੂੰ ਉਨ੍ਹਾਂ ਦੇ ਵਾਰਸਾਂ ਵੱਲੋਂ ਹਿੰਦੂ ਧਾਰਮਿਕ ਰੀਤੀ ਅਨੁਸਾਰ ਪ੍ਰਵਾਹ ਕਰਵਾਉਣ ਲਈ ਡਾਕ ਘਰ ਨੇ ਨਿਵੇਕਲੀ ਪਹਿਲ ਕੀਤੀਹੈ। ਇਸ ਸੇਵਾ ਲਈ ਡਾਕ ਘਰ ਦੇ ਨਾਲ ਇੱਕ ਧਾਰਮਿਕ ਸੰਸਥਾ 'ਓਮਾ ਦਿਵਯ ਦਰਸ਼ਨ' ਸਹਿਯੋਗ ਕਰ ਰਹੀ ਹੈ।

ਮਿਲੀ ਜਾਣਕਾਰੀ ਅਨੁਸਾਰ ਇਹ ਸੇਵਾ ਉਨ੍ਹਾਂ ਲੋਕਾਂ ਲਈ ਹੈ, ਜੋ ਕੋਰੋਨਾ ਦੇ ਦੌਰਾਨ ਮਰਨ ਵਾਲੇ ਆਪਣਿਆਂ ਦੀਆਂ ਅਸਥੀਆਂ ਦਾ ਪ੍ਰਵਾਹ ਅਤੇ ਹੋਰ ਧਾਰਮਿਕ ਰਸਮਾਂ ਨਹੀਂ ਕਰ ਸਕਦੇ। ਇਸ ਸਹੂਲਤ ਦਾ ਫ਼ਾਇਦਾ ਲੈਣ ਵਾਲੇ ਲੋਕਾਂ ਨੂੰ ਅਸਥੀਆਂਪ੍ਰਵਾਹਕਰਨ ਵੇਲੇ ਹੋਣ ਵਾਲੇ ਰੀਤੀ-ਰਿਵਾਜਾਂ ਨੂੰ ਲਾਈਵ ਦੇਖਣ ਦੀ ਸਹੂਲਤ ਦਿੱਤੀ ਜਾਵੇਗੀ। ਇਸ ਬਾਰੇ ਅੰਮ੍ਰਿਤਸਰ ਮੁੱਖ ਡਾਕ ਘਰ ਦੇ ਸੀਨੀਅਰ ਸੁਪਰਡੈਂਟ ਦੀਪਕ ਸ਼ਰਮਾ ਨੇ ਦੱਸਿਆ ਕਿ ਡਾਕ ਘਰ ਅਤੇ ਧਾਰਮਿਕ ਸੰਸਥਾ 'ਓਮ ਦਿਵਯ ਦਰਸ਼ਨ' ਵੱਲੋਂ ਸ਼ੁਰੂ ਕੀਤੀ ਇਹ ਸਹੂਲਤ ਸਾਰੇ ਦੇਸ਼ ਦੇ ਡਾਕ ਘਰਾਂ 'ਚ ਮੌਜੂਦ ਹੈ। ਉਨ੍ਹਾਂ ਕਿਹਾ ਕਿ ਫ਼ਾਰਮ ਭਰਨਉੱਤੇਅਸਥੀਆਂ ਨੂੰ ਪ੍ਰਵਾਹ ਕਰਨ ਲਈ ਪਰਵਾਰ ਦੀ ਇੱਛਾ ਅਨੁਸਾਰ ਧਾਰਮਿਕ ਜਗ੍ਹਾ ਹਰਿਦੁਆਰ, ਵਾਰਾਨਸੀ, ਪ੍ਰਯਾਗਰਾਜ ਅਤੇ ਗਯਾ ਲਈ ਡਾਕ ਰਾਹੀਂ ਸਪੀਡ ਪੋਸਟ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਡਾਕ ਘਰ ਵੱਲੋਂ ਬੁੱਕ ਕੀਤੀਆਂ ਅਸਥੀਆਂ ਨੂੰ 24 ਤੋਂ 48 ਘੰਟਿਆਂ ਦੌਰਾਨ ਸੰਸਥਾ ਦੇ ਪਤੇ ਉੱਤੇ ਪੁਚਾ ਦਿੱਤਾ ਜਾਵੇਗਾ, ਜਿਸ ਪਿੱਛੋਂ ਅਸਥੀਆਂ ਨੂੰ ਪ੍ਰਵਾਹਕਰਨ ਦੀ ਜ਼ਿਮੇਵਾਰੀ ਉਸ ਸੰਸਥਾ ਵੱਲੋਂ ਕੀਤੀ ਜਾਵੇਗੀ। ਉਸ ਧਾਰਮਿਕ ਸੰਸਥਾ ਦੇ ਇੱਕ ਅਧਿਕਾਰੀ ਨੇ ਕਿਹਾ ਕਿ ਕੋਰੋਨਾ ਪੀੜਤਾਂ ਅਤੇ ਲੋੜਵੰਦਾਂ ਲਈ ਸੰਸਥਾ ਵੱਲੋਂ ਇਹ ਸਹੂਲਤ ਬਿਲਕੁੱਲ ਮੁਫ਼ਤ ਕੀਤੀ ਗਈ ਹੈ ਪਰ ਹੋਰਨਾਂ ਕੋਲੋਂ ਇਸ ਧਾਰਮਿਕ ਰਿਤੀਰਿਵਾਜਾਂ ਲਈ ਕੁਝ ਰਾਸ਼ੀ ਵਸੂਲ ਕੀਤੀ ਜਾਵੇਗੀ।




# ਸਿਰਸਾ ਦੇ ਪ੍ਰੇਮੀ ਜੋੜੇ ਦੀ ਸੁਰੱਖਿਆ ਅਰਜ਼ੀ ਹਾਈ ਕੋਰਟ ਵੱਲੋਂ ਰੱਦ




ਚੰਡੀਗੜ੍ਹ, 15 ਜੂਨ (ਪੋਸਟ ਬਿਊਰੋ)- ਬੀਤੇ ਕੁਝ ਸਾਲਾਂ ਤੋਂ ਸਮਾਜਕ ਕਦਰਾਂ ਕੀਮਤਾਂ ਕਾਫੀ ਬਦਲੀਆਂ ਹਨ। ਨੌਜਵਾਨ ਪੂਰੀ ਤਰ੍ਹਾਂ ਆਜ਼ਾਦੀ ਚਾਹੁੰਦੇ ਅਤੇ ਆਪਣੀ ਪਸੰਦ ਦੇ ਵਿਅਕਤੀ ਨਾਲ ਰਹਿਣਾ ਚਾਹੁੰਦੇ ਹਨ, ਇਸ ਲਈ ਭਾਵੇਂ ਉਨ੍ਹਾਂ ਨੂੰ ਮਾਤਾ-ਪਿਤਾ ਦਾ ਸਾਥ ਵੀ ਛੱਡਣਾ ਪਵੇ। ਆਪਣੇ ਇਸ ਫੈਸਲੇ ਉੱਤੇ ਕੋਰਟ ਦੀ ਮੋਹਰ ਲਵਾਉਣ ਦੇ ਲਈ ਜਾਨ-ਮਾਲ ਦੀ ਸੁਰੱਖਿਆ ਦੀ ਮੰਗ ਕੀਤੀ ਜਾਣ ਲੱਗ ਪਈ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਲਿਵ-ਇਨ ਰਿਲੇਸ਼ਨਸ਼ਿਪ ਦਾ ਦਾਅਵਾ ਕਰਦੇ ਇੱਕ ਜੋੜੇ ਵੱਲੋਂ ਸੁਰੱਖਿਆ ਦੀ ਮੰਗ ਉੱਤੇ ਇਹ ਟਿੱਪਣੀ ਕੀਤੀ ਹੈ।

ਇਸ ਮੌਕੇ ਹਾਈ ਕੋਰਟ ਨੇ ਕਿਹਾ ਕਿ ਕੁਝ ਦਿਨ ਇਕੱਠੇ ਰਹਿਣ ਨਾਲ ਲਿਵ-ਇਨ ਰਿਲੇਸ਼ਨਸ਼ਿਪ ਦਾ ਦਾਅਵਾ ਕਰ ਦੇਣਾ ਸਹੀ ਨਹੀਂ। ਜਸਟਿਸ ਮਨੋਜ ਬਜਾਜ ਨੇ ਕਿਹਾ ਕਿ ਸੱਚਾਈ ਤੋਂ ਪਰੇ ਕਲਪਨਾ ਉੱਤੇ ਇਸ ਤਰ੍ਹਾਂ ਕੇਸ ਦਾਇਰ ਕੀਤੇ ਜਾ ਰਹੇ ਹਨ। ਦੂਸਰੇ ਅਹਿਮਕੇਸਾਂ ਦੀ ਕੀਮਤ ਉੱਤੇ ਅਜਿਹੇ ਕੇਸ ਨਹੀਂ ਸੁਣੇ ਜਾ ਸਕਦੇ। ਕੋਰਟ ਨੇ ਸਿਰਸੇ ਦੇ ਐਸ ਐਸ ਪੀ ਨੂੰ ਹੁਕਮ ਦਿੱਤੇ ਕਿ ਉਹ ਕੋਈ ਜ਼ਿੰਮੇਵਾਰ ਪੁਲਸ ਅਧਿਕਾਰੀਨਿਯੁਕਤ ਕਰਨ, ਜੋ ਯਕੀਨੀ ਕਰੇ ਕਿ ਨਾਬਾਲਗ ਲੜਕੀ ਦੀ ਕਸਟਡੀ ਉਸ ਦੇ ਮਾਤਾ-ਪਿਤਾ ਨੂੰ ਮਿਲੇ। ਇਸ ਦੇ ਨਾਲ ਹਾਈ ਕੋਰਟ ਨੇ ਸੁਰੱਖਿਆ ਦੇਣ ਦੀ ਮੰਗ ਰੱਦ ਕਰ ਦਿੱਤੀ।

ਵਰਨਣ ਯੋਗ ਹੈ ਕਿ ਸਿਰਸਾ ਦੇ 20 ਸਾਲਾ ਲੜਕੇ ਅਤੇ 14 ਸਾਲਾ ਲੜਕੀ ਨੇ ਅਰਜ਼ੀ ਦੇ ਕੇ ਕਿਹਾ ਕਿ ਉਹ ਦੋਵੇਂ ਵਿਆਹ ਕਰਨਾ ਚਾਹੁੰਦੇ ਹਨ। ਇੱਕ ਜੂਨ ਨੂੰ ਲੜਕੀ ਨੇ ਮਾਤਾ-ਪਿਤਾ ਦਾ ਘਰ ਛੱਡ ਦਿੱਤਾ ਅਤੇ ਦੋਵੇਂ ਇਕੱਠੇ ਰਹਿ ਰਹੇ ਹਨ।ਹਾਈ ਕੋਰਟ ਨੇ ਫੈਸਲੇ ਵਿੱਚ ਕਿਹਾ ਕਿ ਲੜਕੀ ਨੇ ਆਪਣੇ ਮਾਂ-ਬਾਪ ਦੇ ਖਿਲਾਫ ਪੁਲਸ ਨੂੰ ਸ਼ਿਕਾਇਤ ਕਿਉਂ ਨਹੀਂ ਦਿੱਤੀ। ਲੜਕੀ ਚਾਹੁੰਦੀ ਤਾਂ ਕਿਸੇ ਕਰੀਬੀ ਰਿਸ਼ਤੇਦਾਰ ਨਾਲ ਸੰਪਰਕ ਕਰ ਕੇ ਝਗੜਾ ਨਿਪਟਾ ਸਕਦੀ ਸੀ, ਪਰ ਅਜਿਹਾ ਨਹੀਂ ਕੀਤਾ ਗਿਆ। ਇਸ ਦੇ ਉਲਟ ਲੜਕੀ ਦੇ ਮਾਂ-ਬਾਪ ਨੇ ਉਸ ਦੇ ਅਗਵਾ ਦੀ ਸ਼ਿਕਾਇਤ ਪੁਲਸ ਨੂੰ ਦਿੱਤੀ ਹੈ। ਇਸ ਪਟੀਸ਼ਨ ਦੇ ਜ਼ਰੀਏ ਅਗਵਾ ਦੇ ਕੇਸ ਵਿੱਚ ਦੋਸ਼ੀ ਲੜਕੇ ਨੇ ਆਪਣੇ ਬਚਾਅ ਦੀ ਕੋਸ਼ਿਸ਼ ਕੀਤੀ ਹੈ।

# ਦਰਮਨ ਕਾਹਲੋਂ ਨੂੰ ਅਮਰੀਕਾ ਤੋਂ ਏਥੇ ਲਿਆਉਣ ਲਈ ਪੰਜਾਬ ਪੁਲਸ ਇੰਟਰਪੋਲ ਦੀ ਮਦਦ ਲਵੇਗੀ

ਅੰਮ੍ਰਿਤਸਰ, 15 ਜੂਨ (ਪੋਸਟ ਬਿਊਰੋ)- ਹਿੰਦ-ਪਾਕਿ ਸਰਹੱਦ ਰਾਹੀਂ ਭੇਜੀ ਗਈ ਵਿਦੇਸ਼ੀ ਹਥਿਆਰਾਂ ਦੀ ਵੱਡੀ ਖੇਪ ਦੇ ਕੇਸ ਵਿੱਚ ਖ਼ਾਲਿਸਤਾਨ ਲਿਬਰੇਸ਼ਨ ਫ਼ੋਰਸ ਅਤੇ ਬੱਬਰ ਖ਼ਾਲਸਾ ਨਾਲ ਸਬੰਧਤ ਅਮਰੀਕਾ ਵਿੱਚ ਰਹਿੰਦੇ ਖਾੜਕੂ ਦਰਮਨ ਸਿੰਘ ਕਾਹਲੋਂ ਦਾ ਨਾਂਅ ਆਉਣ ਪਿੱਛੋਂ ਪੰਜਾਬ ਪੁਲਸ ਉਸ ਨੂੰ ਅਮਰੀਕਾ ਤੋਂ ਲਿਆਉਣ ਲਈ ਇੰਟਰੋ-ਪਲ ਦੀ ਮਦਦ ਲੈਣ ਜਾ ਰਹੀ ਹੈ ਤੇ ਉਸਦੀ ਬਾਕਾਇਦਾ ਗ੍ਰਿਫ਼ਤਾਰੀ ਲਈ ਰੈਡ ਕਾਰਨਰ ਦੀ ਕਾਰਵਾਈ ਸ਼ੁਰੂ ਹੋ ਗਈ ਹੈ।

ਬੀਤੇ 11 ਜੂਨ ਨੂੰ ਐਸ ਐਸ ਓ ਸੀ ਸੈਲ ਦੇ ਡੀ ਐਸ ਪੀ ਹਰਵਿੰਦਰ ਸਿੰਘ ਦੀ ਟੀਮ ਨੇ ਇੱਥੇ ਕੱਥੂਨੰਗਲ ਵਿਖੇ ਕਾਰ ਸਵਾਰ ਜਗਜੀਤ ਸਿੰਘ ਉਰਫ਼ ਜੱਗੂ (25) ਵਾਸੀ ਪੁਰੀਆਂ ਕਲਾਂ, ਬਟਾਲਾ ਜ਼ਿਲ੍ਹਾ ਗੁਰਦਾਸਪੁਰ ਨੂੰ ਗ੍ਰਿਫ਼ਤਾਰ ਕੀਤਾ ਸੀ ਤੇ ਕਾਰ ਦੀ ਤਲਾਸ਼ੀ ਲੈਣ ਉੱਤੇ ਉਸ ਵਿੱਚੋਂ 48 ਵਿਦੇਸ਼ੀ ਪਿਸਤੌਲਾਂ ਤੇ ਗੋਲੀ ਸਿੱਕੇ ਦਾ ਜਖੀਰਾ ਮਿ-ਲਆ ਸੀ। ਇਸ ਕੇਸ ਦੀ ਸੰਜੀਦਗੀ ਨੂੰ ਦੇਖਦਿਆਂ ਇਸ ਦੀ ਜਾਣਕਾਰੀ ਪ੍ਰੈਸ ਨਾਲ ਸਾਂਝੀ ਕਰਨ ਲਈ ਐਡੀਸ਼ਨਲ ਡੀ ਜੀ ਪੀ (ਅੰਦਰੂਨੀ ਸੁਰੱਖਿਆ) ਆਰ ਐਨ ਢੋਕੇ ਖੁਦ ਏਥੇ ਪੁੱਜੇ ਅਤੇ ਉਨ੍ਹਾਂ ਦੱਸਿਆ ਸੀ ਕਿ ਇਸ ਦਾ ਮੁੱਖ ਦੋਸ਼ੀ ਖਾੜਕੂ ਦਰਮਨਜੀਤ ਸਿੰਘ ਉਰਫ ਦਰਮਨ ਕਾਹਲੋਂ ਵਾਸੀ ਤਲਵੰਡੀ ਖੁੰਮਣ, ਕਥੂਨੰਗਲ ਜ਼ਿਲ੍ਹਾ ਅੰਮ੍ਰਿਤਸਰ ਇਸ ਵੇਲੇ ਅਮਰੀਕਾ ਵਿੱਚ ਰਹਿ ਰਿਹਾ ਹੈ ਤੇ ਅਮਰੀਕਾ ਵਿੱਚ ਰਹਿੰਦੇ ਸਮੇਂ ਉਸਦੇ ਪਾਕਿਸਤਾਨ, ਅਮਰੀਕਾ, ਕੈਨੇਡਾ ਵਿੱਚ ਬੈਠੇ ਖ਼ਾਲਿਸਤਾਨੀ ਖਾੜਕੂ ਜਥੇਬੰਦੀਆਂ ਜਿਵੇਂ ਖ਼ਾਲਿਸਤਾਨ ਲਿਬਰੇਸ਼ਨ ਫੋਰਸ ਅਤੇ ਬੱਬਰ ਖ਼ਾਲਸਾ ਦੇ ਖਾੜਕੂਆਂ ਨਾਲ ਸੰਬੰਧ ਹਨ ਅਤੇ ਪੰਜਾਬ ਵਿੱਚ ਕੋਈ ਵੱਡੀ ਕਾਰਵਾਈ ਕਰਨਾ ਚਾਹੁੰਦਾ ਹੈ। ਮਿਲੇ ਵੇਰਵਿਆਂ ਅਨੁਸਾਰ ਦਰਮਨ ਕਾਹਲੋਂ ਦੇ ਰੈਡ ਕਾਰਨਰ ਨੋਟਿਸ ਦੀ ਪੈਰਵਾਈ ਕਰਨ ਲਈ ਇੱਥੇ ਅਦਾਲਤ ਨੂੰ ਓਪਨ ਵਾਰੰਟ ਦੀ ਅਰਜ਼ੀ ਪਾਈ ਗਈ ਹੈ। ਇਸ ਪਿੱਛੋਂ ਪੁਲਸ ਵੱਲੋਂ ਇੰਟਰਪੋਲ ਦੀ ਮਦਦ ਨਾਲ ਉਸ ਨੂੰ ਅਮਰੀਕਾ ਤੋਂ ਗ੍ਰਿਫ਼ਤਾਰ ਕਰਕੇ ਲਿਆਂਦਾ ਜਾਵੇਗਾ। ਹਥਿਆਰਾਂ ਦੀ ਬਰਾਮਦਗੀ ਦੇ ਕੇਸ ਦੀਆਂ ਤਾਰਾਂ ਅੰਮ੍ਰਿਤਸਰ ਤੇ ਗੁਰਦਾਸਪੁਰ ਦੀਆਂ ਜੇਲ੍ਹਾਂ ਵਿੱਚ ਬੰਦ ਦੋ ਮੁਜ਼ਰਮਾਂ ਨਾਲ ਵੀ ਜੁੜ ਗਈਆਂ ਹਨ, ਜਿਨ੍ਹਾਂ ਨੂੰ ਐਸ ਐਸ ਓ ਸੀ ਸੈਲ ਵੱਲੋਂ ਗ੍ਰਿਫ਼ਤਾਰ ਕਰਨ ਲਈ ਬਾਕਾਇਦਾ ਪ੍ਰੋਡਕਸ਼ਨ ਵਾਰੰਟ ਦੀ ਅਰਜ਼ੀ ਅਦਾਲਤ ਨੂੰ ਦਿੱਤੀ ਗਈ ਹੈ। ਪੁਲਸ ਵੱਲੋਂ ਕੱਲ੍ਹ ਇੱਥੇ ਅਦਾਲਤ ਕੋਲ ਦਿੱਤੀ ਅਰਜ਼ੀ ਵਿੱਚ ਲਵਦੀਪ ਸਿੰਘ ਉਰਫ ਲਾਲਾ ਵਾਸੀ ਹਸਨਪੁਰ ਕਲਾਂ ਬਟਾਲਾ ਜ਼ਿਲ੍ਹਾ ਗੁਰਦਾਸਪੁਰ (ਅੰਮ੍ਰਿਤਸਰ ਕੇਂਦਰੀ ਜੇਲ੍ਹ) ਤੇ ਜੋਗਿੰਦਰ ਸਿੰਘ ਉਰਫ ਜੱਗਾ ਵਾਸੀ ਪੁਰੀਆਂ ਕਲਾਂ ਬਟਾਲਾ (ਕੇਂਦਰੀ ਜੇਲ੍ਹ ਗੁਰਦਾਸਪੁਰ) ਦਾ ਪ੍ਰੋਡਕਸ਼ਨ ਵਾਰੰਟ ਲਿਆ ਜਾ ਰਿਹਾ ਹੈ, ਜਿਨ੍ਹਾਂ ਨੂੰ ਜੇਲ੍ਹਾਂ ਤੋਂ ਲਿਆ ਕੇ ਪੁੱਛਗਿੱਛ ਕੀਤੀ ਜਾਵੇਗੀ।

ਵਰਕਰ ਦੀ ਲੋੜ

ਹੋਟਲ ਵਿਚ ਕਲੀਨਿੰਗ ਦਾ ਕੰਮ ਕਰਨ ਲਈ ਵਰਕਰ ਦੀ ਜ਼ਰੂਰਤ ਹੈ Dundas ਅਤੇ Hwy 27 ਦਾ ਏਰੀਆ, $16/hr ਦਿੱਤੇ ਜਾਣਗੇ, Full Time/Part Time ਕੰਮ।

ਸੰਪਰਕ: 416-816-1695

# ਸਿੰਗਾਪੁਰ ਭੇਜਣ ਦੇ ਨਾਂ ਉੱਤੇ ਦੋ ਨੌਜਵਾਨਾਂ ਨਾਲ 5.60 ਲੱਖ ਦੀ ਠੱਗੀ



ਜਲੰਧਰ, 15 ਜੂਨ (ਪੋਸਟ ਬਿਊਰੋ)- ਪੰਜਾਬ ਮੈਡੀਕਲ ਇੰਸਟੀਚਿਊਟ (ਪਿਮਸ) ਹਸਪਤਾਲ ਦੇ ਮੂਹਰੇਮਾਰਕੀਟ ਵਿੱਚ ਪ੍ਰਫੈਕਟ ਇਮੀਗ੍ਰੇਸ਼ਨ ਦੇ ਏਜੰਟਦੇ ਵਿਰੁੱਧ ਪੁਲਸ ਨੇ 5.60 ਲੱਖ ਰੁਪਏ ਦੀ ਧੋਖਾਧੜੀ ਕਰਨ ਦਾ ਕੇਸ ਦਰਜ ਕੀਤਾ ਹੈ। ਇਮੀਗ੍ਰੇਸ਼ਨ ਦੇ ਮਾਲਕ ਨੇ ਦੋ ਚਾਚੇ ਦੇ ਪੁੱਤ ਭਰਾਵਾਂ ਨੂੰ ਸਿੰਗਾਪੁਰ ਭੇਜਣ ਦੇ ਨਾਂ ਉੱਤੇ ਇਹ ਫਰਾਡ ਕੀਤਾ ਅਤੇ ਸਟੱਡੀ ਵੀਜ਼ਾ ਅਤੇ ਵਰਕ ਪਰਮਿਟ ਦਿਵਾਉਣ ਦੇ ਲਾਰੇ ਨਾਲ 5.60 ਲੱਖ ਰੁਪਏ ਠੱਗੇ ਸਨ।

ਥਾਣਾਂ ਨੰਬਰ ਸੱਤ ਦੀ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਜਨਤਾ ਕਾਲੋਨੀ ਦੇ ਵਸਨੀਕ ਅਮਿਤ ਬੀਕੇ ਤੇ ਕਮਲ ਬੀਕੇ ਨੇ ਦੱਸਿਆ ਕਿ ਉਨ੍ਹਾਂ ਸਿੰਗਾਪੁਰ ਜਾਣ ਲਈ ਪੀ ਐਲ ਯੂ ਪ੍ਰਫੈਕਟ ਇਮੀਗ੍ਰੇਸ਼ਨ ਦੇ ਦਫ਼ਤਰ ਜਾ ਕੇ ਅੰਕੁਰ ਤ੍ਰੇਹਨ ਨਾਲ ਗੱਲ ਕੀਤੀ ਤਾਂ ਅੰਕੁਰ ਨੇ ਆਸ਼ੀਸ਼ ਅਤੇ ਉਸ ਦੀ ਪਤਨੀ ਦੀਪਿਕਾ ਨਾਲ ਉਨ੍ਹਾਂ ਦੀ ਮੁਲਾਕਾਤ ਕਰਾਈ। ਦੋਸ਼ ਹੈ ਕਿ ਪਤੀ-ਪਤਨੀ ਨੇ ਦੋਵਾਂ ਨੂੰ ਸਿੰਗਾਪੁਰ ਭੇਜਣ ਲਈ 3-3 ਲੱਖ ਰੁਪਏ ਮੰਗੇ, ਜਿਸ ਬਾਰੇ ਦੋਵਾਂ ਭਰਾਵਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਸਮੇਂ-ਸਮੇਂ ਉੱਤੇ 5.60 ਲੱਖ ਰੁਪਏ ਏਜੰਟਾਂ ਨੂੰ ਦਿੱਤੇ, ਪਰ ਕਾਫ਼ੀ ਸਮੇਂ ਬਾਅਦ ਵੀ ਉਨ੍ਹਾਂ ਨੂੰ ਸਿੰਗਾ-ਪੁਰ ਨਹੀਂ ਭੇਜਿਆ ਗਿਆ ਅਤੇ ਨਾ ਏਜੰਟਾਂ ਨੇ ਪੈਸੇ ਵਾਪਸ ਕੀਤੇ।ਪੁਲਸ ਨੂੰ ਸ਼ਿਕਾਇਤ ਮਿਲਣ ਉੱਤੇ ਜਦੋਂ ਅੰਕੁਰ ਨੂੰ ਸੱਦਿਆ ਤਾਂ ਉਸ ਦਾ ਕਹਿਣਾ ਸੀ ਕਿ ਆਸ਼ੀਸ਼ ਅਤੇ ਉਸ ਦੀ ਪਤਨੀ ਦੀਪਿਕਾ ਨੇ ਉਸ ਦੇ ਦਫ਼ਤਰ ਦੀ ਵਰਤੋਂ ਕਰ ਕੇ ਲੋਕਾਂ ਨਾਲ ਫਰਾਡ ਕੀਤਾ ਹੈ। ਦੀਪਿਕਾ ਨੇ ਵੀ ਖੁਦ ਨੂੰ ਬੇਕਸੂਰ ਦੱਸਿਆ।ਜਾਂਚ ਵਿੱਚ ਪਤਾ ਲੱਗਾ ਕਿ ਲੋਕਾਂ ਕੋਲੋਂ ਲਏ ਪੈਸੇ ਬੇਦੀਆਂਵਾਲਾ, ਤਰਨਤਾਰਨ ਦੇ ਰਹਿਣ ਵਾਲੇ ਆਸ਼ੀਸ਼ ਦੇ ਬੈਂਕ ਖਾਤੇ ਵਿੱਚ ਟਰਾਂਸਫਰ ਹੋਏ ਸਨ। ਥਾਣਾ ਨੰਬਰ ਸੱਤ ਵਿੱਚ ਆਸ਼ੀਸ਼ ਦੇ ਖ਼ਿਲਾਫ਼ ਕੇਸ ਦਰਜ ਕਰ ਲਿਆ ਗਿਆ ਅਤੇ ਅੰਕੁਰ ਅਤੇ ਦੀਪਿਕਾ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾ ਰਹੀ ਹੈ।

ਰਾਮ ਮੰਦਰ ਦੀ ਜ਼ਮੀਨ ਦਾ ਘੋਟਾਲਾ

# ਦੋ ਕਰੋੜ ਰੁਪਏ ਦੀ ਜ਼ਮੀਨ 18.5 ਕਰੋੜ ਵਿੱਚ ਖਰੀਦਣ ਤੋਂ ਹੰਗਾਮਾ



ਲਖਨਊ, 15 ਜੂਨ (ਪੋਸਟ ਬਿਊਰੋ)- ਦੋ ਕਰੋੜ ਰੁਪਏ ਦੀ ਜ਼ਮੀਨ ਨੂੰ ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਵੱਲੋਂ 18.5 ਕਰੋੜ ਰੁਪਏ ਵਿੱਚ ਖਰੀਦਣ ਨਾਲ ਜੁੜੇ ਵਿਵਾਦ ਉਤੇ ਉਤਰ ਪ੍ਰਦੇਸ਼ ਸਰਕਾਰ ਸੁਚੇਤ ਹੋ ਗਈ ਹੈ।

ਦੱਸਿਆ ਜਾਂਦਾ ਹੈ ਕਿ ਇਸ ਮਾਮਲੇ ਵਿੱਚ ਇਸ ਰਾਜ ਦੀ ਯੋਗੀ ਆਦਿੱਤਿਆਨਾਥ ਸਰਕਾਰ ਨੇ ਰਿਪੋਰਟ ਮੰਗ ਲਈ ਹੈ। ਕੱਲ੍ਹ ਮਾਲ ਵਿਭਾਗ ਵੱਲੋਂ ਅਧਿਕਾਰੀਆਂ ਨੂੰ ਤਲਬ ਕਰ ਕੇ ਪੂਰੀ ਜਾਣਕਾਰੀ ਲਈ ਗਈ ਹੈ। ਜ਼ਮੀਨ ਦਾ ਮੁੱਦਾ ਉਛਲਣ ਉਤੇ ਟਰੱਸਟ ਵਿੱਚ ਤਰਥੱਲੀ ਮੱਚ ਗਈ ਹੈ। ਟਰੱਸਟ ਕੋਲ ਜਨਤਾ ਦੇ ਦਿੱਤੇ ਚਾਰ ਹਜ਼ਾਰ ਕਰੋੜ ਰੁਪਏ ਤੋਂ ਵੱਧ ਰਕਮ ਹੈ। ਲੰਬੇ ਸਮੇਂ ਤੋਂ ਬਿਮਾਰ ਚੱਲ ਰਹੇ ਟਰੱਸਟ ਦੇ ਪ੍ਰਧਾਨ ਮਹੰਤ ਨ੍ਰਿਤ ਗੋਪਾਲਦਾਸ ਦੇ ਉਤਰਾਧਿਕਾਰੀ ਕਮਲਨੈਣ ਦਾਸ ਨੇ ਵੀ ਆਵਾਜ਼ ਉਠਾਈ ਹੈ। ਉਨ੍ਹਾਂ ਕਿਹਾ ਕਿ ਪਿਛਲੇ ਇੱਕ ਸਾਲ ਤੋਂ ਟਰੱਸਟ ਵਿੱਚ ਜੋ ਹੋ ਰਿਹਾ ਹੈ, ਉਸ ਦੀ ਕੋਈ ਸੂਚਨਾ ਕਦੇ ਪ੍ਰਧਾਨ ਨੂੰ ਨਹੀਂ ਦਿੱਤੀ ਗਈ। ਸਾਰੇ ਫੈਸਲੇ ਜਨਰਲ ਸੈਕਟਰੀ ਚੰਪਤ ਰਾਏ ਲੈਂਦੇ ਹਨ। ਪ੍ਰਧਾਨ ਤੋਂ ਨਾ ਕੁਝ ਪੁੱਛਿਆ ਜਾਂਦਾ ਹੈ, ਨਾ ਦੱਸਿਆ ਜਾਂਦਾ ਹੈ। ਟਰੱਸਟ ਦੇ ਕਈ ਮੈਂਬਰ ਟਰੱਸਟੀ ਡਾਕਟਰ ਅਨਿਲ ਮਿਸ਼ਰਾ ਦੀ ਭੂਮਿਕਾ ਤੋਂ ਵੀ ਖੁਸ਼ ਨਹੀਂ। ਡਾਕਟਰ ਮਿਸ਼ਰਾ ਹਰੀਸ਼ ਪਾਠਕ-ਕੁਸੁਮ ਪਾਠਕ ਅਤੇ ਸੁਲਤਾਨ ਅੰਸਾਰੀ-ਰਵੀ ਮੋਹਨ ਤਿਵਾੜੀ ਵੱਲੋਂ ਕੀਤੇ ਦੋਵਾਂ ਬੈਨਾਮਿਆਂ ਵਿੱਚ ਗਵਾਹ ਬਣੇ ਹਨ। ਟਰੱਸਟ ਦੇ ਦੋ ਮੈਂਬਰਾਂ ਨੇ ਇਸ 'ਤੇ ਇਤਰਾਜ਼ ਕੀਤਾ ਹੈ।

ਇਨਕਮ ਟੈਕਸ ਵਿਭਾਗ ਇਸ ਜ਼ਮੀਨ ਦੇ ਵਿਕਰੇਤਾ ਹਰੀਸ਼ ਤੇ ਕੁਸੁਮ ਪਾਠਕ ਉਤੇ 5.79 ਕਰੋੜ ਦੀ ਆਮਦਨ ਦੇ ਆਧਾਰ ਉੱਤੇ ਤੀਹ ਫੀਸਦੀ ਟੈਕਸ ਲਗਾਏਗਾ। ਸੁਲਤਾਨ ਅੰਸਾਰੀ ਅਤੇ ਰਵੀ ਮੋਹਨ ਤਿਵਾੜੀ ਉਤੇ ਦੋ ਕਰੋੜ ਰੁਪਏ ਦੀ ਜ਼ਮੀਨ ਨੂੰ 18.5 ਕਰੋੜ ਵਿੱਚ ਵੇਚਣ ਉਤੇ 20 ਫੀਸਦੀ ਕੈਪੀਟਲ ਗੇਨ ਟੈਕਸ ਲੱਗੇਗਾ। ਦੂਸਰੇ ਸਰੋਤਾਂ ਤੋਂ ਆਮਦਨ ਉਤੇ 30 ਫੀਸਦੀ ਟੈਕਸ ਲੱਗੇਗਾ। ਅਯੁੱਧਿਆ ਦੇ ਮੇਅਰ ਰਿਸ਼ੀਕੇਸ਼ ਉਪਾਧਿਆਏ ਉੱਤੇ ਵੀ ਸਵਾਲ ਉੱਠਦੇ ਹਨ। ਉਨ੍ਹਾਂ ਦੇ ਘਰ 18 ਮਾਰਚ 2021 ਨੂੰ ਜ਼ਮੀਨ ਦੀ ਦੋ ਕਰੋੜ ਰੁਪਏ ਵਿੱਚ ਵਿਕਰੀ ਦਾ ਬੈਨਾਮਾ ਤਿਆਰ ਹੋਇਆ ਸੀ।

# ਗੌਤਮ ਅਡਾਨੀ ਨੂੰ ਝਟਕਾ, ਅਡਾਨੀ ਗਰੁੱਪ ਦੀਆਂ ਕੰਪਨੀਆਂ ਦੇ 43,500 ਕਰੋੜ ਦੇ ਸ਼ੇਅਰ ਰੋਕੇ

ਮੁੰਬਈ, 15 ਜੂਨ (ਪੋਸਟ ਬਿਊਰੋ)- ਭਾਰਤ ਅਤੇ ਏਸ਼ੀਆ ਦੇ ਦੂਜੇ ਸਭ ਤੋਂ ਅਮੀਰ ਵਿਅਕਤੀ ਗੌਤਮ ਅਡਾਨੀ ਨੂੰ ਵੱਡਾ ਝਟਕਾ ਲੱਗਿਆ ਹੈ। ਉਸ ਦੇ ਅਡਾਨੀ ਗਰੁੱਪ ਦੀਆਂ ਛੇ ਲਿਸਟਿਡ ਕੰਪਨੀਆਂ ਦੇ ਸ਼ੇਅਰਾਂ ਵਿੱਚ ਪੰਜ ਫ਼ੀਸਦੀ ਤੋਂ ਲੈ ਕੇ 22 ਫ਼ੀਸਦੀ ਤਕ ਦੀ ਗਿਰਾਵਟ ਆਈ ਹੈ। ਇਸ ਵਿੱਚ ਸਭ ਤੋਂ ਵੱਧ ਅਡਾਨੀ ਐਂਟਰਪ੍ਰਾਈਜ਼ਿਜ਼ ਦੇ ਸ਼ੇਅਰ ਹਨ। ਇਸ 22 ਫ਼ੀਸਦੀ ਦੀ ਗਿਰਾਵਟ ਨਾਲ ਸ਼ੇਅਰ 1200 ਰੁਪਏ ਉੱਤੇ ਆ ਗਿਆ। ਇੱਕ ਦਿਨ ਪਹਿਲਾਂ ਇਹ 1600 ਰੁਪਏ ਉੱਤੇ ਬੰਦ ਹੋਇਆ ਸੀ। ਇਸ ਤੋਂ ਬਾਅਦ ਦੂਜੀਆਂ ਕੰਪਨੀਆਂ ਦੇ ਸ਼ੇਅਰ ਵੀ ਇਸੇ ਤਰ੍ਹਾਂ ਹੇਠਾਂ ਆਏ।

ਸ਼ੇਅਰਾਂ ਵਿੱਚ ਗਿਰਾਵਟ ਦਾ ਕਾਰਨ ਇਹ ਸੀ ਕਿ ਸੇਬੀ (ਸਕਿਓਰਟੀਜ਼ ਐਂਡ ਐਕਸਚੇਂਜ ਬੋਰਡ ਆਫ ਇੰਡੀਆ) ਨੇ ਇਸ ਗਰੁੱਪ ਦੀਆਂ ਕੰਪਨੀਆਂ ਵਿੱਚੋਂ ਤਿੰਨ ਅਜਿਹੇ ਵਿਦੇਸ਼ੀ ਨਿਵੇਸ਼ਕਾਂ ਨੂੰ ਫੜਿਆ ਹੈ, ਜਿਨ੍ਹਾਂ ਨੂੰ ਫ਼ਰਜ਼ੀ ਮੰਨਿਆ ਜਾ ਰਿਹਾ ਹੈ। ਇਹ ਤਿੰਨ ਨਿਵੇਸ਼ਕ ਅਲਬੁਲਾ ਇਨਵੈਸਟਮੈਂਟ ਫੰਡ, ਕ੍ਰੈਸਟਾ ਫੰਡ ਅਤੇ ਏ ਪੀ ਐਮ ਐਸ ਇਨਵੈਸਟਮੈਂਟ ਫੰਡ ਹਨ। ਇਹ ਮਾਰੀਸ਼ਸ ਦੀ ਰਾਜਧਾਨੀ ਪੋਰਟ ਲੂਈਸ ਦੇ ਇੱਕੋ ਪਤੇ ਉੱਤੇ ਰਜਿਸਟਰਡ ਹਨ। ਇਨ੍ਹਾਂ ਕੋਲ ਵੈਬਸਾਈਟ ਨਹੀਂ ਹੈ। ਸੇਬੀ ਨੇ ਇਨ੍ਹਾਂ ਤਿੰਨਾਂ ਦੇ ਨਿਵੇਸ਼ਾਂ ਨੂੰ ਫ਼ਰੀਜ਼ ਕਰ ਦਿੱਤਾ ਤੇ ਜਾਂਚ ਸ਼ੁਰੂ ਕਰ ਦਿੱਤੀ ਹੈ।ਇਨ੍ਹਾਂ ਨਿਵੇਸ਼ਕਾਂ ਦੀ ਅਡਾਨੀ ਐਂਟਰਪ੍ਰਾਈਜ਼ਜ਼ ਵਿੱਚ ਹਿੱਸੇਦਾਰੀ 6.82 ਫ਼ੀਸਦੀ, ਅਡਾਨੀ ਟ੍ਰਾਂਸਮਿਸ਼ਨ ਵਿੱਚ 8.03 ਫ਼ੀਸਦੀ, ਅਡਾਨੀ ਟੋਟਲ ਗੈਸ ਵਿੱਚ 5.92 ਫ਼ੀਸਦੀ ਅਤੇ ਅਡਾਨੀ ਗ੍ਰੀਨ ਵਿੱਚ 3.58 ਫ਼ੀਸਦੀ ਹੈ।

# ਵੈਕਸੀਨ ਲਗਵਾਉਣ ਤੋਂ ਬਾਅਦ ਅੱਜ ਤਕ 488 ਲੋਕਾਂ ਦੀ ਮੌਤ

ਨਵੀਂ ਦਿੱਲੀ, 15 ਜੂਨ (ਪੋਸਟ ਬਿਊਰੋ)- ਕੋਰੋਨਾ ਵਾਇਰਸ ਨੂੰ ਹਰਾਉਣ ਦੇ ਲਈ ਭਾਰਤ ਵਿੱਚ ਵੈਕਸੀਨ ਲਾਉਣ ਦੀ ਮੁਹਿੰਮ ਜਾਰੀ ਹੈ। ਇਸ ਦੌਰਾਨ ਸਰਕਾਰੀ ਅੰਕੜਿਆਂ ਮੁਤਾਬਕ ਵੈਕਸੀਨ ਲੱਗਣ ਪਿੱਛੋਂ ਅੱਜ ਤਕ ਦੇਸ਼ ਵਿੱਚ 488 ਲੋਕਾਂ ਦੀ ਮੌਤ ਹੋਈ ਹੈ। ਇਸ ਸਮੇਂ ਦੌਰਾਨ 26 ਹਜ਼ਾਰ ਲੋਕਾਂ ਉੱਤੇ ਵੈਕਸੀਨ ਦਾ ਮਾੜਾ ਅਸਰ ਪਿਆ ਹੈ। ਵਿਗਿਆਨਕ ਭਾਸ਼ਾ ਵਿੱਚ ਇਸ ਨੂੰ 'ਐਡਵਰਸ ਈਵੈਂਟ ਫਾਲੋਇੰਗ ਇਮਊਨਾਈਜ਼ੇਸ਼ਨ' (ਏ ਈ ਐਫ ਆਈ) ਕਿਹਾ ਜਾਂਦਾ ਹੈ।

ਵਰਨਣ ਯੋਗ ਹੈ ਕਿ ਹਰ ਦੇਸ਼ ਵਿੱਚ ਅਜਿਹੇ ਅੰਕੜੇ ਇਕੱਠੇ ਕੀਤੇ ਜਾਂਦੇ ਹਨ ਤਾਂ ਜੋ ਭਵਿੱਖ ਵਿੱਚ ਟੀਕੇ ਦੇ ਮਾੜੇ ਪ੍ਰਭਾਵਾਂ ਨੂੰ ਘਟਾਇਆ ਜਾ ਸਕੇ। ਅੰਕੜਿਆਂ ਨੂੰ ਧਿਆਨ ਨਾਲ ਵੇਖਿਆ ਜਾਵੇ ਤਾਂ ਮੌਤਾਂ ਦੀ ਗਿਣਤੀ ਬਹੁਤ ਘੱਟ ਹੈ। ਇਹ ਅੰਕੜੇ 16 ਜਨਵਰੀ ਤੋਂ 7 ਜੂਨ ਤੱਕ ਦੇ ਹਨ। 7 ਜੂਨ ਤਕ ਦੇਸ਼ ਵਿੱਚ 23.5 ਕਰੋੜ ਲੋਕਾਂ ਨੂੰ ਵੈਕਸੀਨ ਲਾਈ ਗਈ ਹੈ। ਇਸ ਦੌਰਾਨ 26,200 ਏ ਈ ਐਫ ਆਈ ਕੇਸ ਆਏ ਹਨ। ਅੰਕੜਿਆਂ ਨੂੰ ਫ਼ੀਸਦੀ ਵਿੱਚ ਵੇਖਿਆ ਜਾਵੇ ਤਾਂ ਮਸਾਂ 0.01 ਫ਼ੀਸਦੀ ਹੈ। ਦੂਜੇ ਸ਼ਬਦਾਂ ਵਿੱਚ 143 ਦਿਨਾਂ ਦੇ ਅੰਦਰ 10 ਹਜ਼ਾਰ ਲੋਕਾਂ ਵਿੱਚੋਂ ਸਿਰਫ਼ ਇੱਕ ਉੱਤੇ ਵੈਕਸੀਨ ਦੇ ਵੱਧ ਮਾੜੇ ਪ੍ਰਭਾਵ ਦਿਖਾਈ ਦਿੱਤੇ ਹਨ, ਜਦੋਂ ਕਿ ਹਰ 10 ਲੱਖ ਟੀਕੇ ਲਗਵਾਉਣ ਵਾਲੇ ਲੋਕਾਂ ਵਿੱਚੋਂ ਦੋ ਦੀ ਮੌਤ ਹੋਈ ਹੈ।

# ਕੱਟੜਪੰਥੀ ਨੌਜਵਾਨਾਂ ਵੱਲੋਂ ਬਜ਼ੁਰਗ ਉੱਤੇ ਤਸ਼ੱਦਦ, ਦਾੜ੍ਹੀ ਕੱਟੀ ਅਤੇ ਕੁੱਟਮਾਰ ਕੀਤੀ

* ਜੈ ਸ਼੍ਰੀਰਾਮ ਅਤੇ ਵੰਦੇ ਮਾਤਰਮ ਦੇ ਨਾਹਰੇ ਲਵਾਏ ਗਏ



ਗਾਜ਼ੀਆਬਾਦ, 15 ਜੂਨ (ਪੋਸਟ ਬਿਊਰੋ)- ਦਿੱਲੀ ਨਾਲ ਲੱਗਦੇ ਗਾਜ਼ੀਆਬਾਦ ਵਿੱਚ ਕੁਝ ਨੌਜਵਾਨਾਂ ਨੇ ਇੱਕ ਮੁਸਲਿਮ ਬਜ਼ੁਰਗ ਨਾਲ ਕੁੱਟਮਾਰ ਕੀਤੀ, ਜਿਸ ਦੀ ਵੀਡੀਓ ਵਾਇਰਲ ਹੋ ਰਹੀ ਹੈ। ਪੀੜਤ ਬਜ਼ੁਰਗ ਦਾ ਨਾਮ ਅਬਦੁਲ ਸਮਦ ਹੈ। ਨੌਜਵਾਨਾਂ ਨੇ ਨਾ ਸਿਰਫ਼ ਉਸ ਦੀ ਕੁੱਟਮਾਰ ਕੀਤੀ, ਸਗੋਂ ਉਨ੍ਹਾਂ ਦੀ ਦਾੜ੍ਹੀ ਵੀ ਜਬਰੀ ਕੱਟ ਦਿਤੀ। ਇਸ ਦੌਰਾਨ ਬਜ਼ੁਰਗ ਹੱਥ ਜੋੜ ਕੇ ਉਨ੍ਹਾਂ ਦੀਆਂ ਮਿਨਤਾਂ ਕਰਦਾ ਰਿਹਾ ਸੀ, ਪਰ ਨੌਜਵਾਨਾਂ ਨੇ ਇੱਕ ਨਾ ਸੁਣੀ।

ਇਨ੍ਹਾਂ ਕੱਟੜਪੰਥੀ ਨੌਜਵਾਨਾਂ ਨੇ ਇਸ ਘਟਨਾ ਦਾ ਵੀਡੀਓ ਬਣਾਇਆ ਤੇ ਉਸ ਨੂੰ ਵਾਇਰਲ ਕਰ ਦਿੱਤਾ। ਵੀਡੀਓ ਵਿੱਚ ਸਾਫ਼ ਦਿਖਾਈ ਦੇ ਰਿਹਾ ਹੈ ਕਿ ਪੀੜਤ ਬਜ਼ੁਰਗ ਨੂੰ ਨੌਜਵਾਨਾਂ ਨੇ ਘੇਰਿਆ ਹੋਇਆ ਹੈ ਤੇ ਉਨ੍ਹਾਂ ਦੇ ਹੱਥ ਵਿੱਚ ਕੈਂਚੀ ਹੈ। ਇਸ ਦੌਰਾਨ ਇੱਕ ਨੌਜਵਾਨ ਬਜ਼ੁਰਗ ਦੇ ਮੂੰਹ ਉਤੇ ਥੱਪੜ ਮਾਰ ਰਿਹਾ ਹੈ।ਪੀੜਤ ਮੁਤਾਬਕ ਨੌਜਵਾਨਾਂ ਨੇ ਉਸ ਕੋਲੋਂ ਜੈ ਸ਼੍ਰੀਰਾਮ ਅਤੇ ਵੰਦੇ ਮਾਤਰਮ ਦੇ ਨਾਹਰੇ ਵੀ ਲਵਾਏ ਅਤੇ ਕਿਹਾ ਕਿ ਤੂੰ ਪਾਕਿਸਤਾਨ ਦਾ ਜਾਸੂਸ ਹੈ। ਅਬਦੁਲ ਮੁਤਾਬਕ ਦੋਸ਼ੀ ਉਸ ਨੂੰ ਇਹ ਕਹਿ ਕੇ ਧਮਕਾ ਰਹੇ ਸਨ ਕਿ ਉਨ੍ਹਾਂ ਨੇ ਇਸ ਤੋਂ ਪਹਿਲਾਂ ਵੀ ਕਈ ਮੁਸਲਮਾਨ ਮਾਰੇ ਹਨ। ਵੀਡੀਓ ਵਾਇਰਲ ਹੋਣ ਤੋਂ ਬਾਅਦ ਪੁਲਸ ਨੇ ਕੇਸ ਦਰਜ ਕਰ ਕੇ ਮੁੱਖ ਦੋਸ਼ੀ ਪ੍ਰਵੇਸ਼ ਗੁਰਜਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਹ ਘਟਨਾ ਪੰਜ ਜੂਨ ਦੀ ਹੈ, ਜਦੋਂ ਬੁਲੰਦਸ਼ਹਿਰ ਦਾ ਬਜ਼ੁਰਗ ਅਬਦੁਲ ਸਮਦ ਲੋਨੀ ਆਇਆ ਤੇ ਮਸਜਿਦ ਜਾਣ ਲਈ ਆਟੋ ਵਿੱਚ ਬੈਠਿਆ ਸੀ। ਦੱਸਿਆ ਜਾਂਦਾ ਹੈ ਕਿ ਆਟੋ ਵਿੱਚ ਬੈਠੇ ਕੁਝ ਲੋਕ ਉਸ ਨੂੰ ਜ਼ਬਰਦਸਤੀ ਜੰਗਲ ਵਿੱਚ ਲੈ ਗਏ, ਜਿੱਥੇ ਉਨ੍ਹਾਂ ਨੇ ਇੱਕ ਕਮਰੇ ਵਿੱਚ ਲਿਜਾ ਕੇ ਬਜ਼ੁਰਗ ਨਾਲ ਕੁੱਟਮਾਰ ਕੀਤੀ ਤੇ ਉਸ ਦੀ ਦਾੜ੍ਹੀ ਕੱਟੀ।

# ਨਾਟੋ ਨੇ ਚੀਨ ਨੂੰ ਇੱਕ ਗੰਭੀਰ ਚੁਣੌਤੀ ਦੱਸਿਆ



ਬ੍ਰਸੇਲਸ, 15 ਜੂਨ (ਪੋਸਟ ਬਿਊਰੋ)- ਚੀਨ ਦੇ ਆਲੇ ਦੁਆਲੇ ਅਮਰੀਕਾ, ਜੀ-7 ਅਤੇ ਯੂਰਪ ਦਾ ਸ਼ਿਕੰਜਾ ਕਸਦਾ ਜਾ ਰਿਹਾ ਹੈ। ਅਮਰੀਕਾ ਦੀ ਅਗਵਾਈ ਵਾਲੇ ਰਣਨੀਤਕ ਗੱਠਜੋੜ ਨਾਟੋ (ਉਤਰੀ ਐਟਲਾਂਟਿਕ ਸੰਧੀ ਸੰਗਠਨ) ਨੇ ਚੀਨ ਨੂੰ ਹਮਲਾਵਰ ਰਵੱਈਏ ਵਾਲਾ ਤੇ ਗੰਭੀਰ ਚੁਣੌਤੀ ਵਾਲਾ ਕਰਾਰ ਦਿੱਤਾ ਹੈ।

ਕੱਲ੍ਹ ਨਾਟੋ ਦੇ ਹੈਡਕੁਆਟਰ ਪਹੁੰਚੇ ਅਮਰੀਕੀ ਰਾਸ਼ਟਰਪਤੀ ਜੋਅ ਬਾਇਡੇਨ ਨੇ ਯੂਰਪ ਦੀ ਰੱਖਿਆ ਨੂੰ ਅਮਰੀਕਾ ਦੀ ਪਵਿੱਤਰ ਜ਼ਿੰਮੇਵਾਰੀ ਦੱਸਿਆ ਅਤੇ ਕਿਹਾ ਪੂਰਾ ਯੂਰਪ ਸਮਝ ਲਵੇ ਕਿ ਅਮਰੀਕਾ ਮੌਜੂਦ ਹੈ। ਉਸ ਦੇ ਰਹਿੰਦੇ ਹੋਏ ਯੂਰਪ ਨੂੰ ਕੁਝ ਨਹੀਂ ਹੋ ਸਕਦਾ। ਨਾਟੋ ਦਾ ਸਾਡੇ ਲਈ ਬਹੁਤ ਮਹੱਤਵ ਹੈ।

ਓਧਰ ਨਾਟੋ ਨੇ ਸੰਧੀ ਵਿੱਚ ਇੱਕ ਗੱਲ ਜੋੜੀ ਹੈ। ਜੇ ਪੁਲਾੜ ਵਿੱਚ ਵੀ ਕਿਸੇ ਮੈਂਬਰ ਦੇਸ਼ ਉਤੇ ਹਮਲਾ ਹੋਵੇਗਾ ਤਾਂ ਉਸ ਨੂੰ ਪੂਰੇ ਨਾਟੋ ਉਤੇ ਹਮਲਾ ਮੰਨਿਆ ਜਾਏਗਾ। ਨਾਟੋ ਸਮਿਟ ਵਿੱਚ ਬਾਇਡੇਨ ਨੇ ਕਿਹਾ ਰੂਸ ਤੇ ਚੀਨ ਉਸ ਰਸਤੇ ਉਤੇ ਨਹੀਂ ਚੱਲ ਰਹੇ, ਜਿਸ ਦੀ ਅਸੀਂ ਬੀਤੀ ਸਦੀ ਦੇ ਆਖਰੀ ਦਹਾਕੇ ਵਿੱਚ ਕਲਪਨਾ ਕੀਤੀ ਸੀ। ਦੁਨੀਆ ਦਾ ਮੰਨਣਾ ਸੀ ਕਿ ਦੋਵੇਂ ਦੇਸ਼ ਉਦਾਰਵਾਦੀ ਲੋਕਤੰਤਰ ਦੇ ਰਸਤੇ ਉਤੇ ਚੱਲਣਗੇ ਅਤੇ ਦੁਨੀਆ ਤੋਂ ਖਤਰਾ ਘੱਟ ਹੋਵੇਗਾ, ਪ੍ਰੰਤੂ ਅਜਿਹਾ ਨਹੀਂ ਹੋਇਆ। ਚੀਨ ਸਾਡਾ ਚੰਗਾ ਵਪਾਰਕ ਸਹਿਯੋਗੀ ਨਹੀਂ ਬਣ ਸਕਿਆ। ਇਸ ਦੇ ਕਾਰਨ ਨਾਟੋ ਦੇ ਮੈਂਬਰ ਦੇਸ਼ਾਂ ਨੇ ਉਸ ਨੂੰ ਸਾਜ਼ਿਸ਼ਾਂ ਵਾਲਾ ਮੁਕਾਬਲੇਬਾਜ਼ ਕਰਾਰ ਦਿੱਤਾ ਹੈ। ਨਾਟੋ ਜਨਰਲ ਸੈਕਟਰੀ ਨੇ ਯੂਕਰੇਨ ਦੇ ਨੇੜੇ ਰੂਸੀ ਫੌਜ ਦੇ ਇਕੱਠੇ ਹੋਣ 'ਤੇ ਵੀ ਚਿੰਤਾ ਪ੍ਰਗਟਾਈ। ਇਸ ਮੌਕੇ ਉਤੇ ਜਰਮਨੀ ਦੀ ਚਾਂਸਲਰ ਏਂਜਲਾ ਮਰਕੇਲ ਨੇ ਕਿਹਾ, ਬਾਇਡੇਨ ਦਾ ਆਉਣਾ ਨਵੇਂ ਅਧਿਆਇ ਦੀ ਸ਼ੁਰੂਆਤ ਹੈ।

# 'ਕੋਵਿਡ ਅਲਾਰਮ' ਮੁਸ਼ਕਸੁੰਘ ਕੇ ਕੋਰੋਨਾ ਦਾ ਪਤਾ ਲਾਏਗਾ

ਲੰਡਨ, 15 ਜੂਨ (ਪੋਸਟ ਬਿਊਰੋ)- ਭੀੜ ਭਰੀਆਂ ਥਾਵਾਂ ਉਤੇ ਕੋਰੋਨਾ ਇਨਫੈਕਸ਼ਨ ਦਾ ਪਤਾ ਲਗਾਉਣ ਲਈ ਛੇਤੀ ਹੀ ਅਜਿਹੇ ਇਲੈਕਟ੍ਰੀਕਲ ਯੰਤਰਾਂ ਦੀ ਵਰਤੋਂ ਕੀਤੀ ਜਾਵੇਗੀ, ਜਿਹੜੇ ਸਰੀਰ ਦੀ ਮੁਸ਼ਕ ਸੁੰਘ ਕੇ ਵਾਇਰਸ ਦੀ ਮੌਜੂਦਗੀ ਬਾਰੇ ਖਬਰਦਾਰ ਕਰਨਗੇ। ਬ੍ਰਿਟੇਨ ਦੇ ਵਿਗਿਆਨੀਆਂ ਨੇ ਇਹ ਯੰਤਰ ਵਿਕਸਤ ਕਰਨ ਦਾ ਦਾਅਵਾ ਕੀਤਾ ਹੈ, ਜਿਸ ਦਾ ਨਾਂਅ 'ਕੋਵਿਡ ਅਲਾਰਮ' ਰੱਖਿਆ ਗਿਆ ਹੈ।

ਲੰਡਨ ਸਕੂਲ ਆਫ ਹਾਈਜੀਨ ਐਂਡ ਟ੍ਰਾਪਿਕਲ ਮੈਡੀਸਨ (ਐਲ ਐਸ ਐਚ ਟੀ ਐਮ) ਅਤੇ ਡਰਹਮ ਯੂਨੀਵਰਸਿਟੀ ਦੇ ਵਿਗਿਆਨੀਆਂ ਨੇ ਮੁੱਢਲੀ ਖੋਜ ਵਿੱਚ ਪਤਾ ਲਾਇਆ ਹੈ ਕਿ ਕੋਰੋਨਾ ਇਨਫੈਕਸ਼ਨ ਦੀ ਖਾਸ ਮੁਸ਼ਕ ਹੁੰਦੀ ਹੈ, ਜਿਸ ਨਾਲ ਵਾਸ਼ਪਸ਼ੀਲ ਕਾਰਬਨਿਕ ਯੋਗਿਕਾਂ (ਵੀ ਓ ਐਮ) ਵਿੱਚ ਬਦਲਾਅ ਹੋਣ ਲੱਗਦਾ ਹੈ। ਸਿੱਟੇ ਵਜੋਂ ਸਰੀਰ ਵਿੱਚ ਇੱਕ ਮੁਸ਼ਕ ਫਿੰਗਰਪ੍ਰਿੰਟ ਵਿਕਸਤ ਹੁੰਦਾ ਹੈ, ਜਿਸ ਦਾ ਸੈਂਸਰ ਪਤਾ ਲਾ ਸਕਦੇ ਹਨ। ਐਲ ਐਸ ਐਚ ਟੀ ਐਮ ਦੇ ਖੋਜਕਾਰਾਂ ਨੇ ਡਰਹਮ ਯੂਨੀਵਰਸਿਟੀ ਦੇ ਨਾਲ ਬਾਇਓਟੈਕ ਕੰਪਨੀ ਰੋਬੋਸਾਈਂਟਿਫਿਕ ਲਿਮਟਿਡ ਨੇ ਆਰਥਿਕ ਸੈਮੀ-ਕੰਡਕਟਿੰਗ (ਓ ਐਸ ਸੀ) ਸੈਂਸਰ ਦੇ ਨਾਲ ਇਸ ਜੰਤਰ ਦਾ ਟੈਸਟਵੀ ਕੀਤਾ ਹੈ। ਐਲ ਐਸ ਐਚ ਟੀ ਐਮ ਵਿੱਚ ਰੋਗ ਕੰਟਰੋਲ ਵਿਭਾਗ ਦੇ ਮੁਖੀ ਤੇ ਖੋਜ ਦੀ ਅਗਵਾਈ ਕਰਨ ਵਾਲੇ ਪ੍ਰੋਫੈਸਰ ਜੇਮਜ਼ ਲੋਗਾਨ ਨੇ ਕਿਹਾ, ਨਤੀਜੇ ਕਾਫੀ ਆਸ ਵਾਲੇ ਹਨ ਤੇ ਬਹੁਤ ਸਹੀ ਤਰ੍ਹਾਂ ਇੱਕ ਤੇਜ਼ ਤੇ ਸਾਧਾਰਨ ਟੈਸਟ ਵਜੋਂ ਇਸ ਤਕਨੀਕ ਦੀ ਵਰਤੋਂ ਕਰਨ ਦੀ ਸਮਰੱਥਾ ਪ੍ਰਦਰਸ਼ਤ ਕਰਦੇ ਹਨ।

ਕੋਰੋਨਾ ਵਾਇਰਸ (ਕੋਵਿਡ-19) ਨਾਲ ਮੁਕਾਬਲੇ ਲਈ ਨਵੇਂ ਇਲਾਜਾਂ ਦੀ ਖੋਜ ਦੌਰਾਨ ਮੌਜੂਦਾ ਦਵਾਈਆਂ ਵਿੱਚ ਵੀ ਸੰਭਾਵਨਾਵਾਂ ਲੱਭੀਆਂ ਜਾ ਰਹੀਆਂ ਹਨ। ਇਸੇ ਕੋਸ਼ਿਸ਼ ਵਿੱਚ ਡਾਇਬਟੀਜ਼ ਬਾਰੇਆਸ ਦੀ ਕਿਰਨ ਦਿਸੀ ਹੈ। ਇਹ ਦਵਾਈ ਇਸ ਵਾਇਰਸ ਨਾਲ ਜੰਗ ਵਿੱਚ ਮਦਦਗਾਰ ਸਾਬਤ ਹੋ ਸਕਦੀ ਹੈ। ਖੋਜਕਾਰਾਂ ਨੇ ਪਤਾ ਲਾਇਆ ਹੈ ਕਿ ਬਲੱਡ ਸ਼ੂਗਰ ਨੂੰ ਘੱਟ ਕਰਨ ਵਾਲੀ ਮੈਟਫਾਰਮਿਨ ਨਾਂਅ ਦੀ ਦਵਾਈ ਪਲਮੋਨਰੀ ਜਾਂ ਲੰਗ ਇਨਫਲੇਮੇਸ਼ਨ ਰੋਕ ਸਕਦੀ ਹੈ। ਫੇਫੜਿਆਂ 'ਚ ਇਨਫਲੇਮੇਸ਼ਨ ਕੋਰੋਨਾ ਇਨਫੈਕਸ਼ਨ ਦੀ ਗੰਭੀਰਤਾ ਤੇ ਮੌਤ ਦਾ ਵੱਡਾ ਕਾਰਨ ਬਣਦੀ ਹੈ।


Century 21

President Realty Inc
Brokerage*
Independently Owned and Operated.



ਓਂਟਾਰੀਓ ਦੇ ਕਿਸੇ ਵੀ ਸ਼ਹਿਰ ਵਿਚ ਪ੍ਰਾਪਰਟੀ ਖਰੀਦਣ ਲਈ ਕਾਲ ਕਰੋ

Jagdish Grewal
Sales Repersentative

Call Now: (416)-970-5005




Sandalwood & Kennedy

ਬਹੁਤ ਹੀ ਖੂਬਸੂਰਤ detached ਘਰ 3 ਬੈੱਡਰੂਮ, 1 ਬੈੱਡਰੂਮ ਦੀ ਫਿਨਿਸ਼ਡ ਬੇਸਮੈਂਟ , ਸਕੂਲ, ਪਬਲਿਕ ਬੱਸ ਸਰਵਿਸ ਅਤੇ ਪਲਾਜ਼ਾ ਦੇ ਨੇੜੇ!




Bramalea & Peter Robertson

3 ਬੈੱਡਰੂਮ semi-detached ਘਰ ਦੇ ਵਿਚਕਾਰ ਬਿਲਟ ਇਨ ਕਿਚਨ ,ਗਰੇਨਾਇਟ ਕਾਊਂਟਰ, ਵੂਲਫ ਗੈਸ ਸਟੋਵ, ਬਹੁਤ ਹੀ ਸੁੰਦਰ ਗਾਰਡਨ ਅਤੇ ਬੈਕਯਾਰਡ ਏਰੀਆ ਪ੍ਰਾਈਮ ਲੋਕੇਸ਼ਨ, ਪਬਲਿਕ ਬੱਸ ਸਰਵਿਸ, ਹਸਪਤਾਲ, ਸਕੂਲ ਅਤੇ ਪਲਾਜ਼ਾ ਦੇ ਨੇੜੇ.




Bovaird & Royal Orchard

3 ਬੈੱਡਰੂਮ ਟਾਊਨ ਹਾਊਸ ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ਡ ਬੇਸਮੈਂਟ,ਵੱਡਾ ਡ੍ਰਾਈਵੇ,ਲੈਮੀਨੇਟ ਫਲੋਰ,ਪਹਿਲੀ ਵਾਰ ਘਰ ਖਰੀਦਣ ਵਾਲਿਆ ਲਈ ਵਧੀਆ ਮੌਕਾ




Bovaird & Bramlea Rd

3 +1 ਬੈੱਡਰੂਮ ਘਰ ਵੱਖਰੀ ਐਂਟਰੈਂਸ ਵਾਲੀ ਬਣੀ ਹੋਈ ਬੇਸਮੈਂਟ,ਵਾਕਆਊਟ ਵੱਡਾ ਯਾਰਡ ,ਨਵੀ ਕਿਚਨ,ਪੋਟ ਲਾਈਟਾਂ,ਫਾਈਰ ਪਲੇਸ




Bovaird & Worthington

4 ਬੈੱਡਰੂਮ, ਡੀਟੈਚਡ ਘਰ ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ਡ ਬੇਸਮੈਂਟ,ਵੱਡਾ ਡ੍ਰਾਈਵੇ,ਲੈਮੀਨੇਟ ਫਲੋਰ,ਲੈਂਡਸਕੇਪ ਤੇ ਹਜ਼ਾਰਾਂ ਡਾਲਰ ਖਰਚ ਕੀਤੇ ਹੋਏ ,ਗਰੇਨਾਇਟ ਕਾਊਂਟਰ,ਪੋਟ ਲਾਈਟਾਂ,ਅੱਪਗਰੇਡ ਹਾਰਡਵੁਡ




Pertosa & WillamsParkway

4 +2 ਬੈੱਡਰੂਮ ਡੀਟੈਚਡ ਘਰ ,ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ਡ ਬੇਸਮੈਂਟ,ਵੱਡਾ ਡ੍ਰਾਈਵੇ,ਪ੍ਰਾਈਮ ਲੋਕੇਸ਼ਨ ਅਤੇ ਪਲਾਜ਼ਾ ਦੇ ਨੇੜੇ




Gore & Cotrelle

3 ਬੈੱਡਰੂਮ, ਡੀਟੈਚਡ ਘਰ , 2000 sq.ft ,1 ਬੈੱਡਰੂਮ ਦੀ ਫਿਨਿਸ਼ਡ ਬੇਸਮੈਂਟ ,ਵੱਡਾ ਡੇਕ,ਕਾਫੀ ਅਪਗ੍ਰੇਡ ਕੀਤਾ ਮੋਡਰਨ ਕਿਚਨ ,ਪਾਰਕਿੰਗ ਲਈ ਖੁੱਲਾ ਗੈਰਾਜ




Bovaird & Hwy 410

4 ਬੈੱਡਰੂਮ ਡੀਟੈਚਡ ਘਰ, ਪਬਲਿਕ ਬੱਸ ਸਰਵਿਸ,ਸਕੂਲ,ਪਲਾਜ਼ਾ, 410/407 ਹਾਈਵੇ ਨੇੜੇ, ਅਪਗ੍ਰੇਡ ਕੀਤਾ ਮੌਡਰਨ ਕਿਚਨ

(416) 970-5005 www.vipcondonetwork.com

80 Maritime Ontario Blvd #246 Brampton, ON L6S 0E7 Call: 905-488-2100 Fax : 905-488-2101

ਖਿੜਕੀਆਂ ਅਤੇ ਦਰਵਾਜੇ ਲਗਵਾਓ Free Estimates

ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼, ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼, ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ, ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
SINGH (TOCHI)
416-454-3031
647-784-8240
Email: tochisangha1@hotmail.com
CANADIAN GLASS AND WINDOW

ਫਾਰਮਾਂ ਵਿਚ ਕੰਮ ਕਰਨ ਲਈ ਕਾਮਿਆਂ ਦੀ ਲੋੜ
ਬਰੈਂਪਟਨ, ਮਿਸੀਸਾਗਾ, ਮਾਲਟਨ, ਮਿਲਟਨ, ਕੈਲੇਡਨ ਤੋਂ ਪਿਕਅਪ। ਵਧੀਆ ਤਨਖਾਹ ਦਿੱਤੀ ਜਾਵੇਗੀ।
ਸੰਪਰਕ: ਅਜੈਬ ਸਹੋਤਾ
4165618882, 4164544587

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ

ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

WWW.KULWINDERCHHINA.COM

KULWINDERCHHINA
BROKER
647.293.2327

Call for Free Estimates
A-1 RENOVATION GTA INC
416-456-1462
OVER 15 YEARS OF SERVICE
Professionals in Completing Basements within 3 Weeks
$1,000
Services:
• Complete Basement
• Tiles
• Bathrooms
• Plumbing
• Laminate
• Hardwood Floor
• Painting
info@a1renovationgta.com
www.a1renovationgta.com
A-1 RENOVATION GTA INC.
22 Listcreek Road, Brampton L6p 2n6

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਟਿੰਗ ਲਈ 20 ਸਾਲਾਂ ਤੇ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ

ਹਰਜੀਤ ਧਨੋਆ
416.230.4000 • 647.409.1092
www.STARLANEPAINTING.com

## ਪੀਜ਼ਾ ਡਿਲੀਵਰੀ ਡਰਾਇਵਰਾਂ ਦੀ ਲੋੜ

MAPLE ਵਿਚ ਇਕ ਬਿਜ਼ੀ ਪੀਜ਼ਾ ਸਟੋਰ ਲਈ ਡਿਲੀਵਰੀ ਡਰਾਇਵਰਾਂ ਦੀ ਤੁਰੰਤ ਲੋੜ ਹੈ। ਇਹ ਫੁਲ ਟਾਈਮ ਜੌਬ ਹੈ। ਕੰਮ ਤੁਰੰਤ ਸ਼ੁਰੂ ਕਰ ਸਕਦੇ ਹੋ। ਸਟੋਰ ਅੰਦਰ ਕੰਮ ਕਰਨ ਵਾਸਤੇ ਲੇਡੀ ਵਰਕਰਾਂ ਦੀ ਵੀ ਲੋੜ ਹੈ। ਹੋਰ ਜਾਣਕਾਰੀ ਲਈ 11 ਵਜੇ ਤੋਂ ਲੈ ਕੇ ਸ਼ਾਮ 8 ਵਜੇ ਤੱਕ ਫੋਨ ਕਰ ਸਕਦੇ ਹੋ।

ਸੰਪਰਕ: 6477043799, 6477059736

ਫੌਨਾਂ ਦੇ ਸਸਤੇ ਪਲਾਨ ਗਾਂਰੰਟਿਡ
ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਉਗੇ ਹੈਰਾਨ,
ਇਕ ਵਾਰੀ ਅਜਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓ
20 ਸਾਲਾਂ ਤੋ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)

## Matrimonial

ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜਟੱ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5’’8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਗਰੇਵਾਲ ਲੜਕਾ, 1994, ਕੱਦ 6’2’’, ਜੋ ਕਿ ਆਸਟ੍ਰੇਲੀਆ ’ਚ ਸਟੱਡੀ ਵੀਜ਼ੇ ’ਤੇ ਰਹਿ ਰਿਹਾ ਹੈ, ਲਈ ਕੈਨੇਡਾ ਤੋਂ ਲੜਕੀ ਦੀ ਲੋੜ ਹੈ। ਲੜਕੇ ਦੀ ਇਕ ਭੈਣ ਕੈਨੇਡਾ (ਟੋਰਾਂਟੋ) ਤੇ ਦੂਸਰੀ ਭੈਣ ਆਸਟ੍ਰੇਲੀਆ ’ਚ ਸੈਟਲਡ ਹੈ। ਲੜਕੇ ਦੇ ਮਾਤਾ ਜੀ ਸੁਪਰ ਵੀਜ਼ੇ ’ਤੇ ਕੈਨੇਡਾ ਆਏ ਹੋਏ ਹਨ। ਸੰਪਰਕ:-647-772-6650, ਵਟਸ ਐਪ ਨੰਬਰ:- 99156-62207

Match for Handsome Jat Sikh boy 40/5'10"(Issueless divorce), B.Tech, M.S (USA) Working in MNC as Senior Software Engineer in the USA. Family of Doctors and Engineers. Please respond with recent pics. Email match52020@gmail.com, Whats-app: +91-9815787350

ਕੈਨੇਡਾ ਵਿੱਚ ਵੈੱਲ ਸੈਟਲਡ, ਵਿੰਨੀਪੈਗ ਰਹਿ ਰਹੇ ਕੈਨੇਡਾ ਤੋਂ ਐਮਬੀਏ ਦੀ ਡਿਗਰੀ ਪ੍ਰਾਪਤ ਗੁਲਾਟੀ ਪਰਿਵਾਰ ਦੇ 29 ਸਾਲਾ ਲੜਕੇ, ਕੱਦ 6 ਫੁੱਟ 3 ਇੰਚ ਲਈ ਲੰਮੀਂ ਉੱਚੀ ਤੇ ਪੜ੍ਹੀ ਲਿਖੀ ਯੋਗ ਕੰਨਿਆ ਦੀ ਜ਼ਰੂਰਤ ਹੈ। ਤਰਨਤਾਰਨ ਵਿੱਚ ਪਰਿਵਾਰ ਦਾ ਜਿਊਲਰੀ ਦਾ ਕਾਰੋਬਾਰ ਹੈ। ਸੰਪਰਕ: 9815908662, 9815032106,416-817-4684.

ਜੱਟ ਸਿੱਖ ਧਨੋਆ ਲੜਕਾ, ਉਮਰ 27 ਸਾਲ ਕੱਦ 5’11’’ ਮਿਕੈਨੀਕਲ ਇੰਜਨੀਅਰ ਅੰਮ੍ਰਿਤਧਾਰੀ ਵਿਜ਼ਿਟਰ ਵੀਜ਼ੇ ਉਤੇ ਆਏ, ਲਈ PR/Citizen/Studentਲੜਕੀ ਦੀ ਲੋੜ ਹੈ। ਲੜਕਾ ਆਪਣੇ ਮਾਮਾ-ਮਾਮੀ ਕੋਲ ਰਹਿ ਰਿਹਾ ਹੈ। ਤਲਾਕਸੁਦਾ ਉਤੇ ਵੀ ਗੌਰ ਕੀਤੀ ਜਾ ਸਕਦੀ ਹੈ। (Studentਦਾ ਖਰਚਾ ਵੀ ਕਰ ਸਕਦੇ ਹਾਂ) ਲੜਕੇ ਦਾ ਭਰਾ ਆਸਟ੍ਰੇਲੀਆ ਰਹਿ ਰਿਹਾ ਹੈ। ਸੰਪਰਕ: 416-708-4100

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5’10’’, Dentist, MBAਆਸਟਰੇਲੀਆ ਵਿੱਚ ਵੱਰਕ ਪਰਮਿਟ ਤੇ ਰਹਿੰਦੇ ਲੜਕੇ ਲਈ ਵਧੀਆ ਪੜ੍ਹੀ-ਲਿਖੀ ਲੜਕੀ ਦੀ ਲੋੜ ਹੈ। ਵਧੇਰੀ ਜਾਣਕਾਰੀ ਲਈ ਸੰਪਰਕ ਕਰੋ :647-280-6503 । +91-98142-02918 (Whatsapp)

Seeking a suitable match for their son, never married, 43 years, 6’ tall, fair, Ramdasia Gursikh, Amritdhari, Canadian citizen. Father class 1 retied officer and well settled family. Serious queries please respond on email sukhi_cancer@yahoo.com or call 416-721-5191 or 647-308-4411(contact after 5 pm)

Check our Free E-paper at:
www.canadianpunjabipost.ca

ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਪੰਜਾਬੀ ਪੋਸਟ

## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9’’, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਕੈਨੇਡਾ ਵਿਚ ਵੈੱਲ ਸੈਟਲਡ ਪੀ.ਆਰ. ਲੜਕਾ, ਟਰੱਕਿੰਗ ਇੰਡਸਟਰੀ ਵਿਚ ਵਧੀਆ ਨੌਕਰੀ ਕਰ ਰਿਹਾ, ਉਮਰ 30 ਸਾਲ, ਕੱਦ 5’9’’ ਲਈ ਕੈਨੇਡੀਅਨ ਪੀ.ਆਰ./ਸਿਟੀਜਨ, ਵਰਕ ਪਰਮਿਟ ਜਾਂ ਆਪਣੇ ਪਰਿਵਾਰ ਨਾਲ ਰਹਿ ਰਹੀ ਲੜਕੀ ਦੀ ਲੋੜ ਹੈ। ਲੜਕੇ ਦੀ ਭੈਣ ਕੈਨੇਡਾ ਵਿਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਸੰਪਰਕ: 647-608-4013

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

* ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 4 ਇੰਚ ਲਈ ਪਰਿਵਾਰਕ ਲੜਕੀ ਦੀ ਲੋੜ ਹੈ। ਲੜਕਾ ਪਿਛਲੇ 6 ਸਾਲਾਂ ਤੋਂ ਕੁਕਿੰਗ ਦਾ ਕੰਮ ਕਰਦਾ ਹੈ ਤੇ ਕੈਨੇਡਾ ਵਿਚ ਵਿਜ਼ਿਟਰ ਵੀਜ਼ੇ ਉਤੇ ਕੈਂਬਰਿਜ ਗੁਰਦੁਆਰਾ ਸਾਹਿਬ ਵਿਖੇ ਕੁੱਕ ਦੀ ਸੇਵਾ ਕਰਦਾ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰ੍ਹੋ:- 647-852-7532 ਅਤੇ 647-637-4035

* ਹਿੰਦੂ ਖਤਰੀ ਲੜਕਾ, ਕੱਦ 5’8’’, ਉੱਮਰ 28 ਸਾਲ, ਰੰਗ ਸਾਫ, ਯੋਗਤਾ ਬੈਚਲਰ ਇਨ ਹੋਸਪੀਟੇਲਟੀ ਮਨੇਜਮੈਂਟ। ਓਬਰਾਏ, ਤਾਜ ਵਰਗੇ ਚੰਗੀ ਕੰਪਨੀਆਂ ਵਿਚ 8 ਸਾਲ ਕੰਮ ਦਾ ਤਜ਼ਰਬਾ ਅਤੇ ਇੰਡੀਆ ਵਿੱਚ ਚੰਗੀ ਜੋਬ ਕਰਦੇ ਲੜਕੇ ਲਈ ਕੈਨੇਡੀਅਨ ਪੀ ਆਰ ਜਾਂ ਵਰਕ ਪਰਮਟ ਹੋਲਡਰ ਲੜਕੀ ਦੀ ਲੋੜ ਹੈ। ਪੰਜਾਬ ਭਾਖੜਾ ਨੰਗਲ ਨਾਲ ਸੰਬੰਧ ਰੱਖਦੇ ਹਨ। ਵਧੇਰੀ ਜਾਣਕਾਰੀ ਲਈ ਕਾਲ ਜਾਂ ਵਟਸਐਪ ਕਰੋ:+91-94173-58712

* ਸੁੰਨਿਆਰਾ ਲੜਕਾ, ਉੱਮਰ 25 ਸਾਲ, ਕੱਦ 5’8’’, ਕੈਨੇਡੀਅਨ ਸਿਟੀਜ਼ਨ, ਵੈਲ ਸੇਟਲਡ, ਆਪਣਾ ਕਾਰੋਬਾਰ ਲਈ ਕੈਨੇਡੀਅਨ/ਅਮਰੀਕਨ ਸਿਟੀਜਨ ਜਾਂ ਪੀ ਆਰ ਲੜਕੀ ਦੀ ਲੋੜ ਹੈ। ਸਟੂਡੈਂਟ ਜਾਂ ਵਰਕ ਪਰਮਟ ਹੋਲਡਰ ਵੀ ਸੰਪਰਕ ਕਰ ਸਕਦੇ ਹਨ। ਕਿਰਪਾ ਕਰਕੇ ਆਪਣੇ ਬਰਾਦਰੀ ਵਾਲੇ ਹੀ ਸੰਪਰਕ ਕਰਨ। ਕਾਲ : 647-739-3600 ।

* ਅਰੋੜਾ ਸਿਖ ਲੜਕਾ, ਉੱਮਰ 36 ਸਾਲ, ਕੱਦ 5’11’,ਕੇਨੈਡਾ ਵਿਚ ਵਰਕ ਪਰਮਿਟ ਤੇ ਰਹਿ ਰਿਹਾ ਅਤੇ ਚੰਗੀ ਜੋਬ ਕਰ ਰਹੇ ਲੜਕੇ ਲਈ ਘਰੇਲੂ ਅਤੇ ਪੀ ਆਰ/ ਵਰਕ ਪਰਮਿਟ ਲੜਕੀ ਦੀ ਲੋੜ ਹੈ। ਕਿਰਪਾ 30 ਤੋ ਵੱਧ ਉਮਰ ਦੀਆਂ ਲੜਕੀਆਂ ਹੀ ਸੰਪਰਕ ਕਰਨ। ਸਟੂਡੈਂਟ ਵੀ ਸੰਪਰਕ ਕਰ ਸਕਦੇ ਹਨ। ਵਧੇਰੀ ਜਾਣਕਾਰੀ ਲਈ ਸੰਪਰਕ ਕਰੋ: 431-998-8022

* ਜੱਟ ਸਿਖ ਲੜਕਾ, ਉੱਮਰ 27 ਸਾਲ, ਕੱਦ 5’11’’, ਕੈਨੇਡਾ ਵਿਚ ਪੀ ਆਰ ਹੈ ਅਤੇ ਚੰਗੀ ਜੋਬ ਕਰਦੇ ਲੜਕੇ ਲਈ ਪੜੀ ਲਿਖੀ ਅਤੇ ਘਰੇਲੂ ਲੜਕੀ ਦੀ ਲੋੜ ਹੈ। ਸਟੂਡੈਂਟ ਵੀ ਸੰਪਰਕ ਕਰ ਸਕਦੇ ਹਨ। ਓਹੀ ਸੰਪਰਕ ਕਰਨ ਜੋ ਲੜਕੇ ਦੇ ਦੁਬਈ ਰਹਿੰਦੇ ਭਰਾ ਦਾ ਕੈਨੇਡਾ ਰਿਸ਼ਤਾ ਕਰਵਾ ਸਕਣ। ਕਾਲ ਕਰੋ ਲੋਕਲ: (587)-936-0127 ਜਾਂ ਇੰਡੀਆ: +91-94179-16049

* ਜੱਟ ਸਿਖ ਲੜਕਾ, ਉੱਮਰ 28 ਸਾਲ, ਕੱਦ 5’7’’, ਕੈਨੇਡਾ ਵਿੱਚ ਵਰਕ ਪਰਮਿਟ ਤੇ ਰਹਿ ਰਿਹਾ ਅਤੇ ਚੰਗੀ ਜੋਬ ਕਰਦੇ ਲੜਕੇ ਲਈ ਪੀ ਆਰ ਜਾਂ ਸਿਟੀਜਨ , ਪੜੀ ਲਿਖੀ ਅਤੇ ਘਰੇਲੂ ਲੜਕੀ ਦੀ ਲੋੜ ਹੈ। ਲੜਕੇ ਦਾ ਸਾਰਾ ਪਰਿਵਾਰ ਕੇਨੈਡਾ ਵਿੱਚ ਪੀ ਆਰ ਅਤੇ ਵਧੀਆ ਸੈਟਲਡ ਹੈ। ਪੰਜਾਬ ਤੋਂ ਮਾਝੇ ਜਿਲ੍ਹੇਂਨੂੰਪਹਿਲ ਦਿੱਤੀ ਜਾਵੇਗੀ। ਕਾਲ ਕਰੋ: 716-536-1939 ਜਾਂ ਵਟਸਐਪ ਕਰੋ: +91-98144-90449

ਇਕਲੌਤਾ ਲੜਕਾ ਅਰੋੜਾ ਖੱਤਰੀ ਸਿੰਘ, ਵੈਸ਼ਨੂੰ ਪਰਿਵਾਰ, ਪੂਰਨ ਗੁਰ ਸਿੱਖ, ਉਮਰ 24 ਸਾਲ, ਕੱਦ 5 ਫੁਟ 7 ਇੰਚ, ਇੰਗਲੈਂਡ ਦਾ ਚਾਰ ਸਾਲ ਦਾ ਸਟੱਡੀ ਵੀਜ਼ਾ ਮਿਲਿਆ ਹੋਇਆ ਹੈ, ਲਈ ਲੜਕੀ ਦੀ ਲੋੜ ਹੈ। ਮਾਤਾ ਆਸਟ੍ਰੇਲੀਆ ਵਿਚ ਨੈਨੀ ਬੇਸ ’ਤੇ ਗਈ ਹੈ, 2 ਸਾਲ ਦਾ ਵਰਕ ਪਰਮਿਟ। ਪਿਤਾ ਕਰੰਸੀ ਬਦਲੀ ਦਾ ਕੰਮ ਕਰਦਾ ਹੈ, ਪੰਜ ਦੁਕਾਨਾਂ ਕਿਰਾਏ ਉਤੇ ਹਨ, ਰੋਜ਼ ਦੀ 5000 ਆਮਦਨ। ਮੋਗਾ ਇਲਾਕੇ ਨੂੰ ਪਹਿਲ। ਸੰਪਰਕ : ਕੈਪਟਨ ਇਕਬਾਲ ਸਿੰਘ 647-631-9445

Check our Free E-paper at:
www.canadianpunjabipost.ca

ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਪੰਜਾਬੀ ਪੋਸਟ

## ਲੜਕੇ ਦੀ ਲੋੜ

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2’’ ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

ਜੱਟ ਸਿੱਖ ਗਿਲ ਲੜਕੀ, ਜਨਮ 1991, ਕੱਦ 5’-4’’, Btech Electrical, ਕੈਨੇਡੀਅਨ ਪੀ ਆਰ ਲਈ ਗੁਰਸਿੱਖ, ਪੜੇ ਲਿੱਖੇ ਅਤੇ ਸੈਟਲਡ ਲੜਕੇ ਦੀ ਲੋੜ ਹੈ। ਲੜਕੀ ਦਾ ਸਾਰਾ ਪਰਿਵਾਰ ਇੰਡੀਆ ਵਿੱਚ ਰਹਿੰਦਾ ਹੈ। ਇੰਡੀਆ ਰਹਿੰਦੇ ਲੜਕੇ ਵੀ ਸੰਪਰਕ ਕਰ ਸਕਦੇ ਹਨ। ਸੰਪਰਕ ਕਰੋ: +91-94640-34653

Seeking a suitable match for Canadian born punjabi tonk kshatriya girl, 35 yrs old, 5'3", educated in accounting. Boy should be vegetarian and educated. No caste bar. Please send complete biodata and pictures at: canadian.alliance@yahoo.ca

ਸਿੱਖ ਲੜਕੀ, ਉਮਰ 24 ਸਾਲ, ਕੱਦ 5 ਫੁਟ 3 ਇੰਚ, ਇੰਡੀਆ ਵਿਚ ਰਹਿੰਦੀ, ਯੋਗਤਾ ਐਮ.ਕਾਮ. ਤੇ ਕਾਲਜ ਵਿਚ ਲੈਕਚਰਾਰ ਦੀ ਨੌਕਰੀ ਕਰ ਰਹੀ ਹੈ। ਨੈਨੀ ਦਾ ਕੋਰਸ ਕੀਤਾ ਹੋਇਆ ਹੈ। ਰੰਗ ਸਾਫ਼, ਸੋਹਣੀ ਸੁਨੱਖੀ ਲੜਕੀ ਲਈ ਕੈਨੇਡੀਅਨ ਪੀ.ਆਰ. ਸਿੱਖ ਲੜਕੇ ਦੀ ਲੋੜ ਹੈ। ਜਾਤੀ ਬੰਧਨ ਨਹੀਂ। ਲੜਕੀ ਦੇ ਭੂਆ ਜੀ ਕੈਨੇਡਾ ਵਿਚ ਸੈਟਲਡ ਹਨ। ਸੰਪਰਕ: 905-749-1654

Beautiful,well educated, 28 years old Punjabi Lubana girl, BSc software engineering from London England,project management from Canada,currently working with Suncor Company,PR IN CANADA. Looking for Sikh Sardar well educated Boy,cast no Bar,from Canada. Contact number 3238 470 404

**"Jat Sikh family seeking suitable match for their daughter 37 year 6 ft. tall, well versed with both cultures. Born & raised in Canada, did her medicine degree & residency (double in Emergency & Internal Medicine) in USA. A green card holder and willing to come to Canada as the opportune prevail. Please contact (519) 351-8043 or B200348@gmail.com"**

Seeking a suitable match for Canadian born punjabi tonk kshatriya girl, 36 yrs old, 5'3", educated in accounting. Boy should be vegetarian and educated. No caste bar. Please send complete biodata and pictures at: canadian.alliance@yahoo.ca

ਜੱਟ ਸਿੱਖ ਲੜਕੀ, 35 ਸਾਲ, ਕੱਦ 5’3’’, ਵਿਜੀਟਰ ਵੀਜ਼ੇ ਤੇ ਆਈ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਪੀ ਆਰ ਲੜਕੇ ਦੀ ਲੋੜ ਹੈ। ਕਾਲ 647-456-1772

Check our Free E-paper at:
www.canadianpunjabipost.ca

ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਪੰਜਾਬੀ ਪੋਸਟ

## WANTED

Panjabi Nannies, Caregivers, Cleaning ladies and Cooks for GTA. Please contact at the earliest at: 416-275-7010

## A/Z CITY DRIVER WANTED

INNOVATION Transportation

- A/Z City Drivers Needed
- Good Pay and good Mileage
- Day, Afternoon & Weekend Shifts
- Weekly Pay

$22 /Hour

- 7 Days Work
- All Shifts Available

Toronto ਤੇ Montreal ਲਈ ਵੀ ਡਰਾਇਵਰਾਂ ਦੀ ਲੋੜ ਹੈ

Call : 416- 268-9952
70 Delta Park Blvd, Unit # 4, Brampton

UPPAL LAW

AVTAR UPPAL
Manager
IMMIGRATION SERVICES
* Visitor Visa
* Super Visa
* Study,Work,Visitor Extension Visa
* Spousal Applications
* Family Sponsorship
* Permanent Residence Card Renewal
* Citizenship Application
* All Invitation Letters
OTHER PRACTICES
* Criminal Law
* Family Law
* Power of Attorney
* Change of Name
* Notarization
* Travel Consent
* Affidavit
* Landlord and Tenant Matters

AMAN UPPAL
Barrister,Solicitor
FREE Consultation
Tel: 905-500-1507
351 Parkhurst Square, # 16,
Brampton,ON L6T 0C2, Fax: 905-672-7848
* PRIOR APPOINTMENT NECESSARY

